ਸਪੈਸ਼ਲ ਗੈਰੀ ਪੀਜ਼ਾ
GARY'S
ਸਵਾਦਿਸ਼ਟ ਪਨੀਰ ਰੈਪ ਤੇ ਬਰਗਰ
ਤੇ ਐਕਸਟਰਾ ਲਾਰਜ ਪੀਜ਼ੇ ਤੇ ਆਫਰਾਂ
ANY 2 LARGE PIZZAS -£9.99
ANY 2 EX LARGE PIZZAS -£11.99
57 Western Road, Southall
020 8571 3311

PANJAB TIMES
# ਪੰਜਾਬ ਟਾਈਮਜ਼
ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ
Friday 19 May, 2023
Europe's Leading Panjabi Weekly Since 1965

IMMIGRATION ADVICE BUREAU
SPECIALISTS ESTD 1989
FOR FREE INITIAL ADVICE
Contact: S.S.RAI
ਇਮੀਗ੍ਰੇਸ਼ਨ ਸਬੰਧੀ ਸਲਾਹ ਲਈ ਅੱਜ ਹੀ ਸੁਖਜਿੰਦਰ ਸਿੰਘ ਰਾਏ ਨੂੰ ਫੋਨ ਕਰੋ!

Tel: 020 8571 6680
India:+91-181 5086389

Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com

# ਭਾਰਤ 'ਚ ਮੁੜ ਹੋਣ ਜਾ ਰਹੀ ਹੈ ਨੋਟਬੰਦੀ !

## ਭਾਰਤੀ ਰਿਜ਼ਰਵ ਬੈਂਕ ਨੇ 2000 ਦੇ ਨੋਟ ਵਾਪਸ ਲੈਣ ਦਾ ਕੀਤਾ ਐਲਾਨ




### 30 ਸਤੰਬਰ ਤੱਕ ਨੋਟ ਵੈਧ ਕਰੰਸੀ (ਸਰਕੂਲੇਸ਼ਨ) ਰਹਿਣਗੇ






ਭਾਰਤੀ ਰਿਜ਼ਰਵ ਬੈਂਕ (ਆਰ. ਬੀ. ਆਈ. ) 2000 ਰੁਪਏ ਦੇ ਨੋਟ ਨੂੰ ਵਾਪਸ ਲੈਣ ਜਾ ਰਿਹਾ ਹੈ। ਹਾਲਾਂਕਿ, ਇਹ ਲੀਗਲ ਮੁਦਰਾ ਬਣੀ ਰਹੇਗੀ। ਭਾਰਤੀ ਰਿਜ਼ਰਵ ਬੈਂਕ ਨੇ ਬੈਂਕਾਂ ਨੂੰ ਤੁਰੰਤ ਪ੍ਰਭਾਵ ਨਾਲ 2000 ਰੁਪਏ ਦੇ ਨੋਟ ਜਾਰੀ ਕਰਨ ਤੋਂ ਰੋਕਣ ਦੀ ਸਲਾਹ ਦਿੱਤੀ ਹੈ। ਸਾਲ 2016 'ਚ ਨੋਟਬੰਦੀ ਤੋਂ ਬਾਅਦ 2000 ਹਜ਼ਾਰ ਰੁਪਏ ਦਾ ਨੋਟ ਪੇਸ਼ ਕੀਤਾ ਗਿਆ ਸੀ। ਨੋਟਬੰਦੀ ਦੌਰਾਨ 500 ਅਤੇ 1000 ਰੁਪਏ ਦੇ ਨੋਟ ਬੰਦ ਕਰ ਦਿੱਤੇ ਗਏ ਸਨ।

ਆਰਬੀਆਈ ਨੇ ਕਿਹਾ ਕਿ 30 ਸਤੰਬਰ ਤੱਕ ਇਹ ਨੋਟ ਵੈਧ ਕਰੰਸੀ (ਸਰਕੂਲੇਸ਼ਨ) ਰਹਿਣਗੇ। ਯਾਨੀ ਜਿਨ੍ਹਾਂ ਕੋਲ ਇਸ ਸਮੇਂ 2000 ਰੁਪਏ ਦੇ ਨੋਟ ਹਨ, ਉਨ੍ਹਾਂ ਨੂੰ ਬੈਂਕ ਤੋਂ ਚੇਂਜ ਕਰਨਾ ਹੋਵੇਗਾ। ਆਰਬੀਆਈ ਨੇ ਪ੍ਰੈਸ ਰਿਲੀਜ਼ ਵਿੱਚ ਦੱਸਿਆ ਕਿ 2018-19 ਵਿੱਚ ਹੀ 2000 ਰੁਪਏ ਦੇ ਨੋਟ ਦੀ ਛਪਾਈ ਬੰਦ ਕਰ ਦਿੱਤੀ ਗਈ ਸੀ। ਨਵੰਬਰ 2016 'ਚ ਨੋਟਬੰਦੀ ਤੋਂ ਬਾਅਦ 2000 ਹਜ਼ਾਰ ਰੁਪਏ ਦਾ ਨੋਟ ਪੇਸ਼ ਕੀਤਾ ਗਿਆ ਸੀ। ਨੋਟਬੰਦੀ ਦੌਰਾਨ 500 ਅਤੇ 1000 ਰੁਪਏ ਦੇ ਨੋਟ ਬੰਦ ਕਰ ਦਿੱਤੇ ਗਏ ਸਨ। ਆਰਬੀਆਈ ਨੇ ਕਿਹਾ ਕਿ 23 ਮਈ ਤੋਂ ਤੁਸੀਂ ਇੱਕ ਵਾਰ ਵਿੱਚ ਸਿਰਫ 2,000 ਰੁਪਏ ਦੇ 20,000 ਰੁਪਏ ਤੱਕ ਦੇ ਨੋਟਾਂ ਨੂੰ ਬਦਲ ਜਾਂ ਜਮ੍ਹਾ ਕਰ ਸਕਦੇ ਹੋ। ਇਸ ਦੇ ਲਈ ਬੈਂਕਾਂ ਨੂੰ ਇੱਕ ਵਿਸ਼ੇਸ਼ ਵਿੰਡੋ ਖੋਲ੍ਹਣੀ ਹੋਵੇਗੀ। ਇਸ ਤੋਂ ਇਲਾਵਾ ਆਰ.ਬੀ.ਆਈ. ਨੋਟਾਂ ਨੂੰ ਬਦਲਣ ਅਤੇ ਜਮ੍ਹਾ ਕਰਵਾਉਣ ਲਈ 19 ਸ਼ਾਖਾਵਾਂ ਖੋਲੇਗੀ। ਆਰਬੀਆਈ ਨੇ ਪ੍ਰੈਸ ਰਿਲੀਜ਼ ਵਿੱਚ ਦੱਸਿਆ ਕਿ 2018-19 ਵਿੱਚ ਹੀ 2000 ਰੁਪਏ ਦੇ ਨੋਟ ਦੀ ਛਪਾਈ ਬੰਦ ਕਰ ਦਿੱਤੀ ਗਈ ਸੀ।

ਨਵੰਬਰ 2016 'ਚ ਨੋਟਬੰਦੀ ਤੋਂ ਬਾਅਦ 2000 ਹਜ਼ਾਰ ਰੁਪਏ ਦਾ ਨੋਟ ਪੇਸ਼ ਕੀਤਾ ਗਿਆ ਸੀ। ਨੋਟਬੰਦੀ ਦੌਰਾਨ 500 ਅਤੇ 1000 ਰੁਪਏ ਦੇ ਨੋਟ ਬੰਦ ਕਰ ਦਿੱਤੇ ਗਏ ਸਨ। ਇਸ ਦੌਰਾਨ ਸਰਕਾਰ ਨੇ ਕਿਹਾ ਸੀ ਕਿ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਅਤੇ ਨਕਲੀ ਨੋਟਾਂ ਦੀ ਛਪਾਈ ਨੂੰ ਰੋਕਣ ਲਈ ਇਹ ਕਦਮ ਚੁੱਕਿਆ ਗਿਆ ਹੈ। ਇਸ 'ਤੇ ਵਿਰੋਧੀ ਪਾਰਟੀਆਂ ਨੇ ਕੇਂਦਰ ਸਰਕਾਰ 'ਤੇ ਹਮਲਾ ਬੋਲਦਿਆਂ ਕਿਹਾ ਕਿ ਸਰਕਾਰ ਨੇ ਇਹ ਫੈਸਲਾ ਬਿਨਾਂ ਸੋਚੇ ਸਮਝੇ ਲਿਆ ਹੈ।

# ਇਟਲੀ ਵਿੱਚ ਪੰਜਾਬ ਦੇ ਜ਼ਿਲ੍ਹਾ ਨਵਾਂਸ਼ਹਿਰ ਨਾਲ ਸੰਬੰਧਿਤ ਅਮਰਜੀਤ ਕੁਮਾਰ ਥਿੰਦ ਨੇ ਨਗਰ ਕੌਂਸਲ ਕੰਪੋਸਨਦੋ (ਮੋਦਨਾ) ਦੇ ਸਲਾਹਕਾਰ ਵਜੋਂ ਜਿੱਤੇ ਚੋਣ

## ਬਾਬਾ ਸਾਹਿਬ ਡਾਂ ਅੰਬੇਡਕਰ ਜੀ ਦੇ ਮਿਸ਼ਨ ਤੋਂ ਪ੍ਰਭਾਵਿਤ ਹੈ ਥਿੰਦ





ਰੋਮ ਇਟਲੀ (ਗੁਰਸ਼ਰਨ ਸਿੰਘ ਸੋਨੀ) ਪਿਛਲੇ ਕਈ ਮਹੀਨਿਆਂ ਤੋਂ ਇਟਲੀ ਦੀ ਸਿਆਸਤ ਵਿੱਚ ਨਗਰ ਕੌਂਸਲ ਜਾਂ ਨਗਰ ਨਿਗਮ ਦੀਆਂ ਚੋਣਾਂ ਨੂੰ ਲੈ ਗਰਮਾਇਆ ਮਾਹੌਲ ਹੁਣ ਚੋਣ ਨਤੀਜੀਆ ਤੋਂ ਬਆਦ ਸਾਂਤ ਹੋ ਗਿਆ ਹੈ।ਇਹਨਾਂ ਚੋਣਾਂ ਵਿੱਚ ਇਟਲੀ ਦੀਆਂ ਸਿਆਸੀ ਪਾਰਟੀ ਨੇ ਆਪਣੀ ਜਿੱਤ ਨੂੰ ਪੱਕਾ ਕਰਨ ਲਈ ਜਿਹਨਾਂ ਭਾਰਤੀ ਮੂਲ ਦੇ ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਸੀ ਉਹਨਾਂ ਵਿੱਚੋਂ ਜਿ?ਲ੍ਹਾ ਮੋਦਨਾ ਅਧੀਨ ਆਉਂਦੇ ਕੰਪੋਸਨਦੋ ਵਿਖੇ ਇਟਲੀ ਦੀ ਰਾਸ਼ਟਰੀ ਪਾਰਟੀ ਪੀ ਡੀ ਚੈਂਤਰੋ ਸਨੀਸਤਰਾਂ ਨੇ ਸਿੰਦਕੋ ਮੋਨਜਾ ਯਾਨੀਬੋਨੀ ਲਈ ਅਮਰਜੀਤ ਕੁਮਾਰ ਥਿੰਦ ਨੂੰ ਜ਼ਿਲ੍ਹਾ ਮੋਦਨਾ ਦੇ ਸ਼ਹਿਰ ਦੇ ਕਮੂਨੇ ਦੀ ਕੰਪੋਸਨਦੋ ਲਈ ਸਲਾਹਕਾਰ ਵਜੋਂ ਆਪਣਾ ਉਮੀਦਵਾਰ ਐਲਾਨਿਆ ਸੀ ਜਿਹੜੇ ਕਿ ਇਹ ਮੁਕਾਬਲਾ ਜਿੱਤ ਗਏ ਹਨ। ਅਮਰਜੀਤ ਕੁਮਾਰ ਥਿੰਦ ਦੀ ਇਸ ਜਿੱਤ ਨੇ ਪੂਰੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਬਣਾ ਦਿੱਤਾ ਹੈ।ਪ੍ਰੈੱਸ ਨਾਲ ਅਮਰਜੀਤ ਕੁਮਾਰ ਥਿੰਦ ਨੇ ਆਪਣੇ ਵਿਚਾਰ ਸਾਂਝੇ ਕਰਦਿਆ ਕਿਹਾ ਕਿ ਜਿੰਨਾਂ ਇਲਾਕੇ ਦੇ ਭਾਰਤੀਆਂ ਨੇ ਪਿਆਰ ਸਤਿਕਾਰ ਦਿੱਤਾ ਉਸ ਲਈ ਉਹ ਸਦਾ ਭਾਈਚਾਰੇ ਦਾ ਰਿਣੀ ਰਹਿਣਗੇ ਤੇ ਉਹਨਾਂ ਦੀ ਇਸ ਜਿੱਤ ਦਾ ਸਿਹਰਾ ਭਾਰਤੀ ਭਾਈਚਾਰੇ ਦੇ ਸਿਰ ਬੰਨਿਆ ਹੈ।ਥਿੰਦ ਨੇ ਆਪਣੀ ਪਾਰਟੀ ਦਾ ਵੀ ਉਚੇਚਾ ਧੰਨਵਾਦ ਕੀਤਾ ਜਿਸ ਨੇ ਉਸ ਉਪੱਰ ਭਰੋਸਾ ਕਰਦਿਆਂ ਇਹ ਜਿੰਮੇਵਾਰ ਸੌਂਪੀ।ਦੁਆਬੇ ਦੇ ਪ੍ਰਸਿੱਧ ਪਿੰਡ ਸੂੰਢ(ਸ਼ਹੀਦ ਭਗਤ ਸਿੰਘ ਨਗਰ)ਦੇ ਦੇਵ ਰਾਜ ਥਿੰਦ ਅਤੇ ਮਹਿੰਦਰ ਕੌਰ ਥਿੰਦ ਦਾ ਲਾਡਲਾ ਭੁਝੰਗੀ ਅਮਰਜੀਤ ਕੁਮਾਰ ਥਿੰਦ ਸੰਨ 1995 ਵਿੱਚ ਇਟਲੀ ਆਇਆ ਤੇ ਉਦੋਂ ਤੋਂ ਹੁਣ ਤੱਕ ਉਸ ਨੇ ਕਦੀਂ ਵੀ ਪਿੱਛੇ ਮੁੜ ਨਹੀਂ ਦੇਖਿਆ ।ਬਾਬਾ ਸਾਹਿਬ ਅੰਬੇਡਕਰ ਦੇ ਮਿਸ਼ਨ ਤੋ ਪ੍ਰਭਾਵਿਤ ਅਮਰਜੀਤ ਕੁਮਾਰ ਥਿੰਦ ਜਿਸ ਨੇ ਕਦੀ ਇਹ ਸੁਪਨਾ ਦੇਖਿਆ ਸੀ ਕਿ ਉਹ ਇਟਲੀ ਵਿੱਚ ਰਹਿਣ ਬਸੇਰਾ ਕਰਦੇ ਭਾਰਤੀਆਂ ਦੀਆਂ ਦਰਪੇਸ਼ ਮੁਸ਼ਕਿਲਾਂ ਨੂੰ ਹੱਲ ਕਰਨ ਇੱਕ ਦਿਨ ਸਿਆਸਤ ਵਿੱਚ ਜ਼ਰੂਰ ਆਉਣਗੇ ਤੇ ਅੱਜ ਥਿੰਦ ਦੀ ਇਸ ਸੋਚ ਨੂੰ ਬੂਰ ਪੈ ਗਿਆ ਹੈ ।ਨਗਰ ਕੌਂਸਲ ਕੰਪੋਸਨਦੋ (ਮੋਦਨਾ) ਇਲਾਕੇ ਵਿੱਚ ਰਹਿਣ ਬਸੇਰਾ ਕਰਦੀ ਭਾਰਤੀਆਂ ਨੂੰ ਹੁਣ ਅਮਰਜੀਤ ਕੁਮਾਰ ਥਿੰਦ ਤੋਂ ਡੂੰਘੀਆਂ ਆਸਾਂ ਹਨ ਕਿ ਉਹ ਲੋਕਾਂ ਨੂੰ ਪੇਸ਼ ਆਉਂਦੀਆਂ ਪੇਚੀਦਾ ਸਮੱਸਿਆਵਾਂ ਦਾ ਪਹਿਲ ਦੇ ਅਧਾਰ ਤੇ ਹੱਲ ਕਰਵਾਉਣ ਲਈ ਸੰਜੀਦਾ ਹੋ ਜਿੰਮੇਵਾਰੀ ਨਿਭਾਉਣਗੇ।

# ਇਟਲੀ ਵਿੱਚ ਕੁਦਰਤ ਦਾ ਕਹਿਰ ਖਰਾਬ ਮੌਸਮ'ਚ ਤੇਜ ਮੀਂਹ ਨੇ ਹੜ੍ਹ ਦਾ ਪਾਣੀ ਨੇ ਲਈ 5 ਲੋਕਾਂ ਦੀ ਜਾਨ 4 ਹੋਏ ਲਾਪਤਾ

## ਤੇਜ਼ ਮੀਂਹ ਦਾ ਪਾਣੀ 300 ਮਿਲੀਮੀਟਰ ਦੇ ਹਿਸਾਬ ਆਏ ਪਾਣੀ ਨਾਲ ਸੂਬਾ ਹੋਇਆ ਥਲ-ਜਲ







ਰੋਮ ਇਟਲੀ (ਗੁਰਸ਼ਰਨ ਸਿੰਘ ਸੋਨੀ) ਬੀਤੇ ਕਈ ਦਿਨਾਂ ਤੋਂ ਇਟਲੀ ਵਿੱਚ ਚੱਲ ਰਿਹਾ ਖਰਾਬ ਮੌਸਮ ਏਮੀਲੀਆ ਰੋਮਾਨਾ ਸੂਬੇ ਦੇ ਲੋਕਾਂ ਲਈ ਜਾਨ ਦਾ ਖੋਅ ਬਣ ਰਿਹਾ ਹੈ ਜਿਸ ਕਾਰਨ ਸੂਬੇ ਦੇ ਬਾਸਿੰਦਿਆਂ ਲਈ ਬਹੁਤ ਪ੍ਰੇਸ਼ਾਨੀ ਹੋਈ ਹੈ ਬੇਸ਼ੱਕ ਕਿ ਇਟਲੀ ਸਰਕਾਰ ਪ੍ਰਭਾਵਿਤ ਲੋਕਾਂ ਲਈ ਤੁੰਰਤ ਰਾਹਤ ਕਾਰਜ ਮੁੱਹਇਆ ਕਰਨ ਵਿੱਚ ਜੁੱਟ ਗਈ ਹੈ ਪਰ ਇਸ ਦੇ ਬਾਵਜੂਦ ਲੋਕਾਂ ਨੂੰ ਹੱਥਾਂ ਪੈਰਾਂ ਦੀ ਬਣੀ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ ਇਟਲੀ ਵਿੱਚ ਖਰਾਬ ਮੌਸਮ ਜਿਸ ਵਿੱਚ ਤੇਜ ਮੀਂਹ ਲਗਾਤਾਰ ਪੈਣ ਕਾਰਨ ਇਟਲੀ ਦੇ ਸੂਬੇ ਏਮੀਲੀਆ ਰੋਮਾਨਾ ਦਾ ਕਾਫ਼ੀ ਏਰੀਆਂ ਪ੍ਰਭਾਵਿਤ ਹੋਇਆ ਹੈ।ਮੀਂਹ ਦੇ ਪਾਣੀ ਨੇ ਹੜ੍ਹ ਦਾ ਰੂਪ ਧਾਰਨ ਕਰ ਲਿਆ ਹੈ ਤੇ ਹੁਣ ਤੱਕ ਇਸ ਹੜ੍ਹ ਨੇ 5 ਲੋਕਾਂ ਦੀ ਜਾਨ ਲੈ ਲਈ ਹੈ ਜਦੋਂ ਕਿ 4 ਲੋਕਾਂ ਨੂੰ ਤੇਜ ਪਾਣੀ ਆਪਣੇ ਨਾਲ ਵਹਾ ਕੇ ਲੈ ਗਿਆ ਹੈ ਜਿਹੜੇ ਹੁਣ ਤੱਕ ਲਾਪਤਾ ਦੱਸੇ ਜਾ ਰਹੇ ਹਨ।ਤੇਜ ਮੀਂਹ ਦਾ ਪਾਣੀ ਜਿਹੜਾ ਕਿ 300 ਮਿਲੀਮੀਟਰ ਦੇ ਹਿਸਾਬ ਨਾਲ (12 ਇੰਚ)ਦੱਸਿਆ ਜਾ ਰਿਹਾ ਹੈ ਇਸ ਪਾਣੀ ਨੇ ਕੁਝ ਪਲਾਂ ਵਿੱਚ ਸੂਬੇ ਦੇ ਕਈ ਇਲਾਕਿਆਂ ਨੂੰ ਨੱਕੋ-ਨੱਕ ਪਾਣੀ ਨਾਲ ਭਰ ਦਿੱਤਾ ਜਿਸ ਕਾਰਨ ਪਿੰਡਾਂ ਸ਼ਹਿਰਾਂ ਦੀਆਂ ਗਲੀਆਂ ਵਿੱਚ ਪਾਣੀ ਭਰ ਗਿਆ ਹੈ ।ਸਥਾਨਕ ਲੋਕ ਪਾਣੀ ਕਾਰਨ ਘਰਾਂ ਵਿੱਚ ਬੰਦ ਹਨ ਤੇ ਕਿਸੇ ਪਾਸੇ ਵੀ ਆ-ਜਾ ਨਹੀਂ ਸਕਦੇ।ਤੇਜ ਮੀਂਹ ਦੇ ਪਾਣੀ ਨੇ ਸੂਬੇ ਦੀਆਂ 14 ਨਦੀਆਂ ਦਾ ਕਿਨਾਰਿਆਂ ਨੂੰ ਵੱਡੇ ਪੱਧਰ ਤੇ ਪ੍ਰਭਾਵਿਤ ਕੀਤਾ ਤੇ ਇਹਨਾਂ ਨਦੀਆਂ ਦਾ ਪਾਣੀ ਰਿਹਾਇਸ਼ੀ ਇਲਾਕਿਆਂ ਵਿੱਚ ਚਲਾ ਗਿਆ ਹੈ।ਫੋਰਲੀ ਚੇਸੇਨਾ ਤੇ ਰੇਵੇਨਾ ਇਲਾਕਾ ਇਸ ਹੜ੍ਹ ਨਾਲ ਵੱਧ ਪ੍ਰਭਾਵਿਤ ਦੱਸਿਆਂ ਜਾ ਰਿਹਾ ਹੈ ਜਿੱਥੋ ਕਿ ਹੁਣ ਤੱਕ 5000 ਪ੍ਰਭਾਵਿਤ ਲੋਕਾਂ ਨੂੰ ਰਾਹਤ ਕਰਮਚਾਰੀਆਂ ਨੇ ਸੁੱਰਖਿਅਤ ਕੀਤਾ ਹੈ।50 ਹਜ਼ਾਰਾਂ ਘਰਾਂ ਦੀ ਬਿਜਲੀ ਬੰਦ ਹੈ ਤੇ ਹਜ਼ਾਰਾਂ ਲੋਕਾਂ ਦੇ ਮੋਬਾਇਲ ਬੰਦ ਹੋਣ ਕਾਰਨ ਲੋਕ ਵੱਡੀ ਮੁਸੀਬਤ ਦਾ ਸਾਹਮਣ੍ਹਾ ਕਰਨ ਲਈ ਬੇਵੱਸ ਤੇ ਲਾਚਾਰ ਹੈ।24 ਸ਼ਹਿਰ ਵੱਡੇ ਪੱਧਰ ਤੇ ਪ੍ਰਭਾਵਿਤ ਹਨ।ਜਿਹਨਾਂ ਇਲਾਕਿਆਂ ਵਿੱਚ ਪਾਣੀ ਦੇਖਦੇ ਹੀ ਦੇਖਦੇ ਮਿੰਟਾਂ ਵਿੱਚ ਕਈ-ਕਈ ਫੁੱਟ ਭਰ ਗਿਆ ਉਹ ਲੋਕਾਂ ਮੋਜੂਦਾਂ ਹਾਲਤਾਂ ਤੋਂ ਕਾਫ਼ੀ ਸਹਿਮੇ ਦੇਖੇ ਜਾ ਰਹੇ ਹਨ ।ਮੌਸਮ ਵਿਭਾਗ ਨੇ ਲੋਕਾਂ ਨੂੰ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨ ਲਈ ਕਿਹਾ ਹੈ ਤਾਂ ਜੋ ਕਿਸੇ ਦਾ ਤੇਜ ਪਾਣੀ ਦੇ ਵਹਾਅ ਕਾਰਨ ਕੋਈ ਜਾਨੀ-ਮਾਲੀ ਨੁਕਸਾਨ ਨਾ ਹੋ ਜਾਵੇ

# ਚਾਹ ਪੀ ਰਹੇ ਬਜ਼ੁਰਗ ਬੰਦੇ ਨਾਲ ਹਾਦਸਾ, ਜੇਬ 'ਚ ਰਖਿਆ ਮੋਬਾਈਲ ਅਚਾਨਕ ਹੋਇਆ ਬਲਾਸਟ

ਕੇਰਲ ਦੇ ਤ੍ਰਿਸ਼ੂਰ ਜ਼ਿਲੇ 'ਚ ਇਕ ਬਜ਼ੁਰਗ ਵਿਅਕਤੀ ਦੀ ਕਮੀਜ਼ ਦੀ ਜੇਬ 'ਚ ਰੱਖਿਆ ਮੋਬਾਇਲ ਫੋਨ



ਅਚਾਨਕ ਫਟ ਗਿਆ ਅਤੇ ਉਸ 'ਚ ਅਚਾਨਕ ਅੱਗ ਲੱਗ ਗਈ। ਹਾਲਾਂਕਿ ਬਜ਼ੁਰਗ ਬੁਰੀ ਤਰ੍ਹਾਂ ਝੁਲਸਣ ਤੋਂ ਬਚ ਗਿਆ। ਇਕ ਪੁਲਿਸ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ।

ਉਨ੍ਹਾਂ ਕਿਹਾ ਕਿ ਇੱਕ ਮਹੀਨੇ ਤੋਂ ਵੀ ਘੱਟ ਸਮੇਂ ਵਿੱਚ ਸੂਬੇ ਵਿੱਚ ਮੋਬਾਈਲ ਫ਼ੋਨ ਦੇ ਅਚਾਨਕ ਫਟਣ ਦੀ ਇਹ ਤੀਜੀ ਘਟਨਾ ਹੈ। ਅੱਜ ਦੀ ਘਟਨਾ ਉਦੋਂ ਵਾਪਰੀ ਜਦੋਂ 76 ਸਾਲਾ ਵਿਅਕਤੀ ਮਾਰੋਟੀਚਲ ਇਲਾਕੇ ਵਿੱਚ ਚਾਹ ਦੀ ਦੁਕਾਨ 'ਤੇ ਚਾਹ ਪੀ ਰਿਹਾ ਸੀ।

ਇਸ ਘਟਨਾ ਦੀ ਇਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ ਅਤੇ ਟੀਵੀ ਚੈਨਲਾਂ 'ਤੇ ਵੀ ਦਿਖਾਈ ਜਾ ਰਹੀ ਹੈ, ਜਿਸ 'ਚ ਉਕਤ ਵਿਅਕਤੀ ਦੁਕਾਨ 'ਤੇ ਬੈਠਾ ਚਾਹ ਪੀਂਦਾ ਅਤੇ ਕੁਝ ਖਾਂਦਾ ਦੇਖਿਆ ਜਾ ਸਕਦਾ ਹੈ, ਜਦੋਂ ਉਸ ਦੀ ਕਮੀਜ਼ ਦੀ ਜੇਬ 'ਚ ਪਿਆ ਫੋਨ ਫਟ ਗਿਆ ਅਤੇ ਅੱਗ ਲੱਗ ਗਈ। ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਮੋਬਾਈਲ ਫ਼ੋਨ ਦੇ ਫਟਣ ਤੋਂ ਤੁਰੰਤ ਬਾਅਦ ਬਜ਼ੁਰਗ ਉਛਲਦਾ ਹੈ ਤੇ ਆਪਣਾ ਚਾਹ ਦਾ ਗਲਾਸ ਇਕ ਪਾਸੇ ਰੱਖ ਕੇ ਜੇਬ 'ਚੋਂ ਮੋਬਾਈਲ ਫ਼ੋਨ ਕੱਢਣ ਦੀ ਕੋਸ਼ਿਸ਼ ਕਰਦਾ ਹੈ। ਇਸ ਦੌਰਾਨ ਫ਼ੋਨ ਜ਼ਮੀਨ 'ਤੇ ਹੇਠਾਂ ਡਿੱਗਣ ਕਾਰਨ ਉਹ ਝੁਲਸਣ ਤੋਂ ਬਚ ਗਿਆ।

# ਇਮਰਾਨ ਖਾਨ ਨੂੰ ਕਿਸੇ ਵੀ ਸਮੇਂ ਗ੍ਰਿਫ਼ਤਾਰ ਕਰ ਸਕਦੀ ਹੈ ਪੁਲਿਸ, ਘਰ 'ਚ ਅੱਤਵਾਦੀਆਂ ਨੂੰ ਲੁਕਾਉਣ ਦੇ ਦੋਸ਼

ਲਾਹੌਰ -ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀਟੀਆਈ) ਦੇ ਪ੍ਰਧਾਨ ਇਮਰਾਨ ਖਾਨ ਦੀਆਂ ਮੁਸ਼ਕਲਾਂ ਘੱਟ ਨਹੀਂ ਹੋ ਰਹੀਆਂ ਹਨ। ਲਾਹੌਰ 'ਚ ਇਮਰਾਨ ਖਾਨ ਦੀ ਰਿਹਾਇਸ਼ ਦੇ ਬਾਹਰ ਪੁਲਿਸ ਨੇ ਬੁੱਧਵਾਰ ਤੋਂ ਹੀ ਡੇਰੇ ਲਾਏ ਹੋਏ ਹਨ। ਪੁਲਿਸ ਉਨ੍ਹਾਂ ਨੂੰ ਕਿਸੇ ਵੀ ਸਮੇਂ ਗ੍ਰਿਫ਼ਤਾਰ ਕਰ ਸਕਦੀ ਹੈ। ਪੁਲਿਸ ਦਾ ਦਾਅਵਾ ਹੈ ਕਿ ਇਮਰਾਨ ਖਾਨ ਦੀ ਰਿਹਾਇਸ਼ 'ਤੇ ਕਈ ਅੱਤਵਾਦੀ ਲੁਕੇ ਹੋਏ ਹਨ। ਪੁਲਿਸ ਅੱਤਵਾਦੀਆਂ ਨੂੰ ਫੜਨ ਲਈ ਕਿਸੇ ਵੀ ਸਮੇਂ ਅਪਰੇਸ਼ਨ ਸ਼ੁਰੂ ਕਰ ਸਕਦੀ ਹੈ। ਸਥਾਨਕ ਪਾਕਿਸਤਾਨੀ ਮੀਡੀਆ ਨੇ ਦੱਸਿਆ ਕਿ ਜ਼ਮਾਨ ਪਾਰਕ ਵੱਲ ਜਾਣ ਵਾਲੇ ਸਾਰੇ ਰਸਤੇ ਬੰਦ ਕਰ ਦਿੱਤੇ ਗਏ ਹਨ ਅਤੇ ਇਲਾਕੇ 'ਚ ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ ਹੈ। ਪੰਜਾਬ ਸਰਕਾਰ ਨੇ ਸਾਬਕਾ ਪ੍ਰਧਾਨ



ਮੰਤਰੀ ਦੇ ਘਰ 'ਚ ਪਨਾਹ ਲੈਣ ਵਾਲੇ ਕਥਿਤ ਅੱਤਵਾਦੀਆਂ ਨੂੰ ਸੌਂਪਣ ਲਈ 24 ਘੰਟਿਆਂ ਦਾ ਅਲਟੀਮੇਟਮ ਦਿੱਤਾ ਸੀ। ਇਹ ਅਲਟੀਮੇਟਮ ਅੱਜ ਦੁਪਹਿਰ 2 ਵਜੇ ਖ਼ਤਮ ਹੋ ਜਾਵੇਗਾ। ਸੂਤਰਾਂ ਦਾ ਕਹਿਣਾ ਹੈ ਕਿ ਅਲਟੀਮੇਟਮ ਖਤਮ ਹੋਣ ਤੋਂ ਬਾਅਦ ਵੱਡੀ ਕਾਰਵਾਈ ਕੀਤੀ ਜਾ ਸਕਦੀ ਹੈ।

# ਹਨੂੰਮਾਨ ਜੀ ਦੇ ਇਸ ਇਤਿਹਾਸਕ ਮੰਦਰ 'ਚ ਮੁਸਲਮਾਨਾਂ ਦੀ ਐਂਟਰੀ ਬੈਨ, ਹਿੰਦੂ ਭਗਤਾਂ ਲਈ ਡ੍ਰੈੱਸ ਕੋਡ ਜਾਰੀ

ਨਾਸਿਕ ਦੇ ਤ੍ਰਿੰਬਕੇਸ਼ਵਰ ਕਾਂਡ ਦਾ ਅਸਰ ਯੂਪੀ ਦੇ ਅਲੀਗੜ੍ਹ 'ਚ ਵੀ ਦੇਖਣ ਨੂੰ ਮਿਲ ਰਿਹਾ ਹੈ, ਜਿੱਥੇ ਹਜ਼ਾਰਾਂ ਸਾਲ ਪੁਰਾਣੇ ਇਤਿਹਾਸਕ ਹਨੂੰਮਾਨ ਜੀ ਦੇ ਮੰਦਰ 'ਚ ਮੁਸਲਮਾਨਾਂ ਦੇ ਦਾਖ਼ਲੇ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਇੰਨਾ ਹੀ ਨਹੀਂ ਮੰਦਰ 'ਚ ਆਉਣ ਵਾਲੀਆਂ ਹਿੰਦੂ ਔਰਤਾਂ ਅਤੇ ਮਰਦਾਂ ਲਈ ਡਰੈੱਸ ਕੋਡ ਵੀ ਜਾਰੀ ਕੀਤਾ ਗਿਆ ਹੈ। ਮੰਦਰ 'ਚ ਛੋਟੇ ਕੱਪੜੇ, ਫਟੀਆਂ ਜੀਨਸ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਹਿੰਦੂ ਮਰਦ ਸ਼ਰਧਾਲੂ ਫਟੀਆਂ ਜੀਨਸ ਅਤੇ ਛੋਟੇ ਕੱਪੜੇ ਪਾ ਕੇ ਵੀ ਮੰਦਰ ਨਹੀਂ ਜਾ ਸਕਣਗੇ।

ਅਲੀਗੜ੍ਹ ਦੇ ਮਸ਼ਹੂਰ ਇਤਿਹਾਸਕ ਗਿਲਹਰਾਜ ਜੀ ਮੰਦਰ ਦੇ ਮਹੰਤ ਨੇ ਇਹ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ ਅਤੇ ਇਸ ਦੀ ਜਾਣਕਾਰੀ ਦੇਣ ਲਈ ਮੰਦਰ ਦੇ ਬਾਹਰ ਪੋਸਟਰ ਵੀ ਲਗਾਏ ਗਏ ਹਨ। ਇਹ ਦੁਨੀਆ




ਦਾ ਇਕਲੌਤਾ ਮੰਦਰ ਹੈ ਜਿੱਥੇ ਹਨੂੰਮਾਨ ਜੀ ਦੀ ਮੂਰਤੀ ਗਿਲਹਰੀ ਦੇ ਰੂਪ 'ਚ ਮੌਜੂਦ ਹੈ। ਮੰਦਰ ਦੇ ਮਹੰਤ ਦਾ ਮੰਨਣਾ ਹੈ ਕਿ ਗਲਤ ਢੰਗ ਦੇ ਕੱਪੜੇ ਪਾਉਣ ਨਾਲ ਪੂਜਾ ਕਰਨ ਆਏ ਸ਼ਰਧਾਲੂਆਂ ਦਾ ਧਿਆਨ ਭਟਕ ਜਾਂਦਾ ਹੈ।

ਮਹੰਤ ਕੌਸ਼ਲ ਨਾਥ ਨੇ ਕਿਹਾ, ਅਸੀਂ ਦੋ ਫੈਸਲੇ ਲਏ ਹਨ, ਇਕ, ਮੁਸਲਮਾਨਾਂ ਦੇ ਦਾਖਲੇ 'ਤੇ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ, ਕਿਉਂਕਿ ਕੋਈ ਵੀ ਮੁਸਲਮਾਨ ਕਿਸੇ ਮੰਦਰ ਵਿਚ ਪੂਜਾ ਕਰਨ ਨਹੀਂ ਜਾਵੇਗਾ। ਜਦੋਂ ਤੁਸੀਂ ਪੂਜਾ 'ਤੇ ਨਹੀਂ ਜਾਣਾ ਚਾਹੁੰਦੇ, ਤਾਂ ਤੁਹਾਨੂੰ ਆਉਣ ਦੀ ਕੀ ਲੋੜ ਹੈ। ਹੁਣੇ ਹੀ ਸੁਣਨ ਵਿੱਚ ਆਇਆ ਹੈ ਕਿ ਮੁਸਲਮਾਨ ਇੱਕ ਵੱਡੇ ਮੰਦਰ ਵਿੱਚ ਦਾਖਲ ਹੋਏ ਹਨ ਅਤੇ ਉਸ ਵਿੱਚ ਐਸਆਈਟੀ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਨ੍ਹਾਂ ਨੇ ਉੱਥੇ ਅਜਿਹੀ ਕਿਹੜੀ ਘਟਨਾ ਨੂੰ ਅੰਜਾਮ ਦਿੱਤਾ ਹੈ। ਮੈਨੂੰ ਨਹੀਂ ਲੱਗਦਾ ਕਿ ਉਹ ਪੂਜਾ ਕਰਨ ਆਉਣਗੇ। ਸਿਰਫ ਕਿਸੇ ਘਟਨਾ ਨੂੰ ਅੰਜਾਮ ਦੇਣ ਲਈ ਆਉਣਗੇ। ਇਸੇ ਲਈ ਮੁਸਲਮਾਨਾਂ ਦੀ ਐਂਟਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਗਈ ਹੈ। ਜੇ ਫਿਰ ਵੀ ਕੋਈ ਅੰਦਰ ਜਾਣ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਦੀ ਜਾਂਚ ਕੀਤੀ ਜਾਵੇਗੀ ਅਤੇ ਪੁਲਿਸ ਨੂੰ ਸ਼ਿਕਾਇਤ ਕੀਤੀ ਜਾਵੇਗੀ।

ਮਹੰਤ ਨੇ ਕਿਹਾ ਕਿ ਡਰੈੱਸ ਕੋਡ ਨੂੰ ਲੈ ਕੇ ਦੂਜਾ ਕਦਮ ਚੁੱਕਿਆ ਗਿਆ ਹੈ। ਜਿਸ ਤਰ੍ਹਾਂ ਅਸੀਂ ਵਿਆਹ-ਸ਼ਾਦੀਆਂ ਜਾਂ ਫੰਕਸ਼ਨਾਂ 'ਤੇ ਜਾਂਦੇ ਹਾਂ, ਉਸ ਮੁਤਾਬਕ ਕੱਪੜੇ ਪਹਿਨਦੇ ਹਾਂ, ਜਿਵੇਂਕਿ ਜਦੋਂ ਅਸੀਂ ਪ੍ਰਮਾਤਮਾ ਨੂੰ ਮਿਲਣ ਜਾਂਦੇ ਹਾਂ ਤਾਂ ਕਿਉਂ ਨਾ ਉਹ ਕੱਪੜੇ ਪਹਿਨੇ ਜੋ ਰੱਬ ਨੂੰ ਪਿਆਰੇ ਹੋਣ। ਅਜਿਹੇ ਕੱਪੜੇ ਨਹੀਂ ਹੋਣੇ ਚਾਹੀਦੇ ਜੋ ਸਾਡੇ ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਤੋਂ ਵੱਖਰੇ ਹੋਣ। ਕੁਝ ਮੁੰਡੇ ਹਾਫ ਪੈਂਟ ਪਾ ਕੇ ਆਉਂਦੇ ਹਨ, ਕੁਝ ਮੁੰਡੇ ਫਟੇ ਜੀਨਸ ਪਾ ਕੇ ਆਉਂਦੇ ਹਨ, ਅਜਿਹਾ ਨਹੀਂ ਹੋਣਾ ਚਾਹੀਦਾ। ਦਾਖਲਾ ਪੂਰੇ ਕੱਪੜਿਆਂ ਨਾਲ ਹੋਣਾ ਚਾਹੀਦਾ ਹੈ।

# ਕੈਨੇਡਾ ਵਿਚ ਹਿੰਸਕ ਅਪਰਾਧੀਆਂ ਲਈ ਜ਼ਮਾਨਤ ਲੈਣਾ ਹੁਣ ਔਖਾ ਹੋ ਜਾਵੇਗਾ

ਕੈਨੇਡਾ ਦੇ ਹਾਊਸ ਆਫ਼ ਕਾਮਨਜ਼ ਵਿਚ ਬਿੱਲ ਸੀ-48 ਪੇਸ਼ ਕੀਤਾ ਗਿਆ ਜਿਸ ਤਹਿਤ ਕ੍ਰਿਮੀਨਲ ਕੋਡ ਦੇ ਜ਼ਮਾਨਤੀ ਸਿਸਟਮ ਵਿਚ ਕੁਝ ਤਬਦੀਲੀਆਂ ਕੀਤੀਆਂ ਜਾਣਗੀਆਂ। ਨਿਆਂ ਮੰਤਰੀ ਡੇਵਿਡ ਲੈਮੇਟੀ ਵੱਲੋਂ ਪੇਸ਼ ਕੀਤੇ ਗਏ ਇਸ ਬਿੱਲ ਰਾਹੀਂ ਕ੍ਰਿਮੀਨਲ ਕੋਡ ਵਿਚ ਪੰਜ ਵਿਸ਼ੇਸ਼ ਤਬਦੀਲੀਆਂ ਕਰਨ ਦੇ ਮਤੇ ਰੱਖੇ ਗਏ ਹਨ।

ਇਸ ਬਿੱਲ ਅਨੁਸਾਰ ਜਿਹੜੇ ਲੋਕ ਪਿਛਲੇ ਪੰਜ ਸਾਲਾਂ ਦੌਰਾਨ ਹਥਿਆਰਾਂ ਨਾਲ ਜੁੜੇ ਗੰਭੀਰ ਹਿੰਸਕ ਅਪਰਾਧਾਂ ਵਿਚ ਦੋਸ਼ੀ ਕਰਾਰ ਦਿੱਤੇ ਗਏ ਹੋਏ ਹਨ ਉਨ੍ਹਾਂ ਲਈ ਜ਼ਮਾਨਤ ਦੀਆਂ ਸ਼ਰਤਾਂ ਸਖ਼ਤ ਕੀਤੀ ਜਾਣਗੀਆਂ। ਫਾਇਰ ਆਰਮਜ਼, ਬੀਅਰ ਸਪਰੇਅ, ਚਾਕੂ ਅਤੇ ਹਥਿਆਰ ਨਾਲ ਸਬੰਧਤ ਵਾਰ ਵਾਰ ਹਿੰਸਾਂ ਕਰਨ ਵਾਲੇ ਮੁਜਰਿਮਾਂ ਲਈ ਜ਼ਮਾਨਤ ਲੈਣ ਵਿਚ ਸਖ਼ਤੀ ਕੀਤੀ ਜਾਵੇਗੀ। ਅਦਾਲਤ ਕਿਸੇ ਵੀ ਮੁਜਰਿਮ ਨੂੰ ਜ਼ਮਾਨਤ ਦੇਣ ਤੋਂ ਪਹਿਲਾਂ ਉਸ ਦਾ ਮੁਜਰਿਮਾਨਾ ਰਿਕਾਰਡ ਅਤੇ ਕਮਿਊਨਿਟੀ ਦੀ ਸੁਰੱਖਿਆ ਨੂੰ ਧਿਆਨ ਵਿਚ ਰੱਖ



ਕੇ ਫੈਸਲਾ ਦੇਵੇਗੀ। ਜ਼ਿਕਰਯੋਗ ਹੈ ਕਿ ਇਹ ਸਖਤੀ ਕਰਨ ਲਈ ਕਦਮ ਤਾਂ ਚੁੱਕੇ ਗਏ ਹਨ ਕਿ ਪਿਛਲੇ ਸਮੇਂ ਦੌਰਾਨ ਕਈ ਅਜਿਹੇ ਕੇਸ ਸਾਹਮਣੇ ਆਏ ਜਿਨ੍ਹਾਂ ਵਿਚ ਜ਼ਮਾਨਤ ਲੈ ਕੇ ਬਾਹਰ ਆਏ ਮੁਜਰਿਮਾਂ ਵੱਲੋਂ ਫੇਰ ਹਿੰਸਕ ਵਾਰਦਾਤਾਂ ਅੰਜ਼ਾਮ ਦਿੱਤੀਆਂ ਗਈਆਂ। ਲੋਕਾਂ ਵੱਲੋਂ ਮੰਗ ਕੀਤੀ ਜਾ ਰਹੀ ਸੀ ਕਿ ਵਾਰ ਵਾਰ ਅਪਰਾਧ ਕਰਨ ਵਾਲੇ ਦੋਸ਼ੀਆਂ ਨੂੰ ਜ਼ਮਾਨਤ ਦੇਣ ਦੀਆਂ ਸ਼ਰਤਾਂ ਸਖ਼ਤ ਹੋਣੀਆਂ ਚਾਹੀਦੀਆਂ ਹਨ।

# 26/11 ਹਮਲੇ ਦੇ ਦੋਸ਼ੀਆਂ ਦੀ ਹਵਾਲਗੀ ਲਈ ਰਾਜ਼ੀ ਅਮਰੀਕਾ, ਵਿਦੇਸ਼ਾਂ ਤੋਂ 60 ਭਗੌੜੇ ਹੁਣ ਤੱਕ ਭੇਜੇ ਭਾਰਤ

ਨਿਊਯਾਰਕ -ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਮਰੀਕਾ ਦੀ ਪਹਿਲੀ ਸਰਕਾਰੀ ਫੇਰੀ ਤੋਂ ਇੱਕ ਮਹੀਨਾ ਪਹਿਲਾਂ, ਇੱਕ ਸੰਘੀ ਅਦਾਲਤ ਵਾਸ਼ਿੰਗਟਨ ਰਾਹੀਂ ਨਵੀਂ ਦਿੱਲੀ ਦੀ ਬੇਨਤੀ 'ਤੇ ਪਾਕਿਸਤਾਨੀ ਮੂਲ ਦੇ ਕੈਨੇਡੀਅਨ ਕਾਰੋਬਾਰੀ ਤਹੱਵੁਰ ਰਾਣਾ ਦੀ ਭਾਰਤ ਹਵਾਲਗੀ ਲਈ ਸਹਿਮਤ ਹੋ ਗਈ ਹੈ। ਭਾਰਤ ਸਰਕਾਰ 2008 ਦੇ ਮੁੰਬਈ ਅੱਤਵਾਦੀ ਹਮਲੇ ਵਿੱਚ ਸ਼ਾਮਲ ਹੋਣ ਦੇ ਦੋਸ਼ੀ ਰਾਣਾ ਦੀ ਹਵਾਲਗੀ ਦੀ ਮੰਗ ਕਰ ਰਹੀ ਸੀ। 26/11 ਦੇ ਮੁੰਬਈ ਹਮਲਿਆਂ ਦੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ ਵਿਚ ਲਿਆਉਣ ਦੀ ਭਾਰਤ ਦੀ ਲੜਾਈ ਵਿਚ ਵੱਡੀ ਜਿੱਤ ਦਰਜ ਕਰਦੇ ਹੋਏ, ਕੈਲੀਫੋਰਨੀਆ ਦੀ ਕੇਂਦਰੀ ਜ਼ਿਲ੍ਹਾ ਅਦਾਲਤ ਦੀ ਅਮਰੀਕੀ ਮੈਜਿਸਟ੍ਰੇਟ ਜੱਜ ਜੈਕਲੀਨ ਚੂਲਜਿਅਨ ਨੇ ਬੁੱਧਵਾਰ ਨੂੰ 48 ਪੰਨਿਆਂ ਦਾ ਹੁਕਮ ਜਾਰੀ ਕਰਦਿਆਂ ਕਿਹਾ ਕਿ ਰਾਣਾ ਨੂੰ ਭਾਰਤ ਹਵਾਲੇ ਕੀਤਾ ਜਾਣਾ ਚਾਹੀਦਾ ਹੈ। ਭਾਰਤ ਅਤੇ ਅਮਰੀਕਾ ਵਿਚਾਲੇ ਹਵਾਲਗੀ ਸੰਧੀ ਦੇ ਤਹਿਤ। ਦੇਸ਼ ਵਿੱਚ ਕਿਹਾ ਗਿਆ ਹੈ, ਅਦਾਲਤ ਨੇ ਇਸ ਬੇਨਤੀ ਦੇ ਸਮਰਥਨ ਅਤੇ ਵਿਰੋਧ ਵਿੱਚ ਪੇਸ਼ ਕੀਤੇ ਗਏ ਸਾਰੇ ਦਸਤਾਵੇਜ਼ਾਂ ਅਤੇ ਸੁਣਵਾਈ ਵਿੱਚ ਕੀਤੀਆਂ ਗਈਆਂ ਬੇਨਤੀਆਂ ਦੀ ਸਮੀਖਿਆ ਅਤੇ ਵਿਚਾਰ ਕੀਤਾ ਹੈ। ਅਜਿਹੀ ਸਮੀਖਿਆ ਅਤੇ ਵਿਚਾਰ-ਵਟਾਂਦਰੇ ਦੇ ਆਧਾਰ 'ਤੇ ਅਤੇ ਇੱਥੇ ਵਿਚਾਰੇ ਗਏ ਕਾਰਨਾਂ ਲਈ, ਅਦਾਲਤ ਇਸ ਸਿੱਟੇ 'ਤੇ ਪਹੁੰਚਦੀ ਹੈ ਅਤੇ ਸੰਯੁਕਤ ਰਾਜ ਦੇ ਵਿਦੇਸ਼ ਮੰਤਰੀ ਨੂੰ ਹਵਾਲਗੀ ਨਾਲ ਅੱਗੇ ਵਧਣ ਦਾ ਅਧਿਕਾਰ ਦਿੰਦੀ ਹੈ। ਅਦਾਲਤ ਦਾ ਇਹ ਹੁਕਮ ਮੋਦੀ ਦੇ ਆਪਣੀ ਪਹਿਲੀ ਸਰਕਾਰੀ ਫੇਰੀ ਲਈ ਅਮਰੀਕਾ ਪਹੁੰਚਣ ਤੋਂ ਮਹਿਜ਼ ਇੱਕ ਮਹੀਨਾ ਪਹਿਲਾਂ ਆਇਆ ਹੈ। ਰਾਸ਼ਟਰਪਤੀ ਜੋਅ ਬਾਇਡਨ ਅਤੇ ਫਸਟ ਲੇਡੀ ਜਿਲ ਬਿਡੇਨ 22 ਜੂਨ ਨੂੰ ਮੋਦੀ ਦੇ ਸਵਾਗਤ ਲਈ ਸਟੇਟ ਡਿਨਰ ਦੀ ਮੇਜ਼ਬਾਨੀ ਕਰਨਗੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਅਦਾਲਤ ਰਾਣਾ ਦੀ ਹਵਾਲਗੀ ਨੂੰ ਤਸਦੀਕ ਨਹੀਂ ਕਰ ਸਕਦੀ ਜਦੋਂ ਤੱਕ ਇਹ ਮੰਨਣ ਦਾ ਕੋਈ ਸੰਭਾਵੀ ਕਾਰਨ ਨਾ ਹੋਵੇ ਕਿ ਉਸ ਨੇ ਉਹ ਅਪਰਾਧ ਕੀਤਾ ਹੈ ਜਿਸ ਲਈ ਹਵਾਲਗੀ ਦੀ ਮੰਗ ਕੀਤੀ ਜਾ ਰਹੀ ਹੈ। ਹੁਕਮ ਵਿੱਚ ਕਿਹਾ ਗਿਆ ਹੈ, ਇਸ ਲਈ, ਅਦਾਲਤ ਨੇ ਪਾਇਆ ਕਿ ਰਾਣਾ ਨੇ ਉਹ ਅਪਰਾਧ ਕੀਤੇ ਹਨ ਜਿਨ੍ਹਾਂ ਲਈ ਉਸਦੀ ਹਵਾਲਗੀ ਦੀ ਮੰਗ ਕੀਤੀ ਗਈ ਹੈ ਅਤੇ ਸੰਯੁਕਤ ਰਾਜ ਅਤੇ ਭਾਰਤ ਵਿਚਕਾਰ ਹਵਾਲਗੀ ਸੰਧੀ ਦੇ ਤਹਿਤ, ਰਾਣਾ ਨੂੰ ਭਾਰਤ ਹਵਾਲੇ ਕੀਤਾ ਜਾਣਾ ਚਾਹੀਦਾ ਹੈ। 10 ਜੂਨ, 2020 ਨੂੰ, ਭਾਰਤ ਨੇ ਹਵਾਲਗੀ ਦੇ ਮੱਦੇਨਜ਼ਰ 62 ਸਾਲਾ ਰਾਣਾ ਦੀ ਆਰਜ਼ੀ ਗ੍ਰਿਫਤਾਰੀ ਦੀ ਮੰਗ ਕਰਨ ਲਈ ਸ਼ਿਕਾਇਤ ਦਰਜ ਕਰਵਾਈ। ਬਿਡੇਨ ਪ੍ਰਸ਼ਾਸਨ ਨੇ ਰਾਣਾ ਦੀ ਭਾਰਤ ਹਵਾਲਗੀ ਦਾ ਸਮਰਥਨ ਕੀਤਾ ਸੀ ਅਤੇ ਮਨਜ਼ੂਰੀ ਦਿੱਤੀ ਸੀ। ਇਕ ਸਵਾਲ ਦੇ ਜਵਾਬ ਵਿਚ ਵਿਦੇਸ਼ ਵਿਭਾਗ ਦੇ ਬੁਲਾਰੇ ਨੇ 'ਪੀਟੀਆਈ-ਭਾਸ਼ਾ' ਨੂੰ ਦੱਸਿਆ ਕਿ ਇਸ ਮਾਮਲੇ ਵਿਚ ਵਿਸ਼ੇਸ਼ ਜਾਣਕਾਰੀ ਲਈ ਅਸੀਂ ਤੁਹਾਨੂੰ ਨਿਆਂ ਵਿਭਾਗ ਨੂੰ ਭੇਜਦੇ ਹਾਂ। 26 ਨਵੰਬਰ 2008 ਨੂੰ ਮੁੰਬਈ ਵਿੱਚ ਹੋਏ ਭਿਆਨਕ ਅੱਤਵਾਦੀ ਹਮਲਿਆਂ ਵਿੱਚ ਉਸਦੀ ਭੂਮਿਕਾ ਲਈ ਭਾਰਤ ਵੱਲੋਂ ਉਸਦੀ ਹਵਾਲਗੀ ਦੀ ਬੇਨਤੀ ਕਰਨ ਤੋਂ ਬਾਅਦ ਰਾਣਾ ਨੂੰ ਅਮਰੀਕਾ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਕੌਮੀ ਜਾਂਚ ਏਜੰਸੀ (ਐਨਆਈਏ) ਨੇ ਕਿਹਾ ਹੈ ਕਿ ਉਹ ਕੂਟਨੀਤਕ ਮਾਧਿਅਮਾਂ ਰਾਹੀਂ ਉਸ ਨੂੰ ਭਾਰਤ ਲਿਆਉਣ ਲਈ ਕਾਰਵਾਈ ਸ਼ੁਰੂ ਕਰਨ ਲਈ ਤਿਆਰ ਹੈ। ਪਾਕਿਸਤਾਨ ਸਥਿਤ ਲਸ਼ਕਰ-ਏ-ਤੋਇਬਾ ਦੇ ਅੱਤਵਾਦੀਆਂ ਵੱਲੋਂ 26/11 ਦੇ ਹਮਲਿਆਂ ਵਿੱਚ ਰਾਣਾ ਦੀ ਭੂਮਿਕਾ ਦੀ NIA ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਅਦਾਲਤੀ ਸੁਣਵਾਈ ਦੌਰਾਨ ਅਮਰੀਕੀ ਸਰਕਾਰ ਦੇ ਵਕੀਲਾਂ ਨੇ ਦਲੀਲ ਦਿੱਤੀ ਕਿ ਰਾਣਾ ਨੂੰ ਪਤਾ ਸੀ ਕਿ ਉਸ ਦਾ ਬਚਪਨ ਦਾ ਦੋਸਤ ਪਾਕਿਸਤਾਨੀ-ਅਮਰੀਕੀ ਡੇਵਿਡ ਕੋਲਮੈਨ ਹੈਡਲੀ ਲਸ਼ਕਰ-ਏ-ਤੋਇਬਾ ਨਾਲ ਜੁੜਿਆ ਹੋਇਆ ਸੀ ਅਤੇ ਇਸ ਤਰ੍ਹਾਂ ਉਸ ਨੇ ਹੈਡਲੀ ਨੂੰ ਉਸ ਦੀਆਂ ਗਤੀਵਿਧੀਆਂ ਵਿੱਚ ਮਦਦ ਅਤੇ ਮਦਦ ਮੁਹੱਈਆ ਕਰਾਈ।

ਮੁੰਬਈ ਅੱਤਵਾਦੀ ਹਮਲਿਆਂ ਵਿਚ ਛੇ ਅਮਰੀਕੀਆਂ ਸਮੇਤ ਕੁੱਲ 166 ਲੋਕ ਮਾਰੇ ਗਏ ਸਨ। ਇਹ ਹਮਲੇ 10 ਪਾਕਿਸਤਾਨੀ ਅੱਤਵਾਦੀਆਂ ਨੇ ਕੀਤੇ ਸਨ। ਮੁੰਬਈ ਦੇ ਵੱਕਾਰੀ ਅਤੇ ਮਹੱਤਵਪੂਰਨ ਸਥਾਨਾਂ 'ਤੇ ਇਹ ਹਮਲੇ 60 ਘੰਟਿਆਂ ਤੋਂ ਵੱਧ ਸਮੇਂ ਤੱਕ ਜਾਰੀ ਰਹੇ। ਇਨ੍ਹਾਂ ਹਮਲਿਆਂ 'ਚ ਅਜਮਲ ਕਸਾਬ ਨਾਂ ਦਾ ਅੱਤਵਾਦੀ ਜ਼ਿੰਦਾ ਫੜਿਆ ਗਿਆ ਸੀ, ਜਿਸ ਨੂੰ 21 ਨਵੰਬਰ 2012 ਨੂੰ ਭਾਰਤ 'ਚ ਫਾਂਸੀ ਦਿੱਤੀ ਗਈ ਸੀ। ਬਾਕੀ ਅੱਤਵਾਦੀਆਂ ਨੂੰ ਹਮਲਿਆਂ ਦੌਰਾਨ ਭਾਰਤੀ ਸੁਰੱਖਿਆ ਬਲਾਂ ਨੇ ਮਾਰ ਦਿੱਤਾ ਸੀ। ਭਾਰਤ ਅਤੇ ਅਮਰੀਕਾ ਵਿਚਾਲੇ ਹਵਾਲਗੀ ਸੰਧੀ ਹੈ। ਜੱਜ ਨੇ ਫ਼ੈਸਲਾ ਸੁਣਾਇਆ ਕਿ ਰਾਣਾ ਦੀ ਭਾਰਤ ਹਵਾਲਗੀ ਪੂਰੀ ਤਰ੍ਹਾਂ ਸੰਧੀ ਦੇ ਅਧਿਕਾਰ ਖੇਤਰ ਵਿੱਚ ਸੀ।

# ਓਕਲਾਹੋਮਾ ਸੂਬੇ 'ਚੋਂ ਮਿਲੀ ਭਾਰਤੀ ਮੂਲ ਦੀ ਲੜਕੀ ਦੀ ਲਾਸ਼



ਟੈਕਸਾਸ : ਅਮਰੀਕਾ ਦੇ ਟੈਕਸਾਸ ਸੂਬੇ ਤੋਂ ਕੁੱਝ ਦਿਨ ਪਹਿਲਾਂ ਲਾਪਤਾ ਹੋਈ ਭਾਰਤੀ-ਅਮਰੀਕੀ ਲੜਕੀ ਦੀ ਲਾਸ਼ ਬਰਾਮਦ ਹੋਈ ਹੈ। ਮ੍ਰਿਤਕ ਦੀ ਪਛਾਣ 25 ਸਾਲਾ ਲਹਿਰੀ ਪਥੀਵਾੜਾ ਵਜੋਂ ਹੋਈ ਹੈ। ਦਸਿਆ ਜਾ ਰਿਹਾ ਹੈ ਕਿ ਲਹਿਰੀ ਦੀ ਲਾਸ਼ ਓਕਲਾਹੋਮਾ ਤੋਂ 200 ਮੀਲ ਦੀ ਦੂਰੀ ਤੋਂ ਬਰਾਮਦ ਕੀਤੀ ਗਈ ਹੈ।

ਸਥਾਨਕ ਮੀਡੀਆ ਰਿਪੋਰਟਾਂ ਮੁਤਾਬਕ ਇਸ ਮਹੀਨੇ ਦੀ ਸ਼ੁਰੂਆਤ ਵਿਚ ਹੀ ਲਹਿਰੀ ਕੰਮ 'ਤੇ ਜਾਂਦੇ ਸਮੇਂ ਰਸਤੇ ਵਿਚ ਹੀ ਲਾਪਤਾ ਹੋ ਗਈ ਸੀ। ਲਹਿਰੀ ਪਥੀਵਾੜਾ ਨੂੰ ਆਖ਼ਰੀ ਵਾਰ ਮੈਕਕਿਨੀ ਉਪਨਗਰ ਵਿਚ ਕੰਮ ਕਰਨ ਲਈ ਕਾਲੇ ਰੰਗ ਦੀ ਟੋਇਟਾ ਗੱਡੀ ਚਲਾਉਂਦੇ ਦੇਖਿਆ ਗਿਆ ਸੀ। ਹੁਣ ਕੁੱਝ ਦਿਨ ਬਾਅਦ ਹੀ ਲਹਿਰੀ ਦੀ ਲਾਸ਼ ਬਰਾਮਦ ਹੋਈ ਹੈ। ਲਹਿਰੀ ਪਥੀਵਾੜਾ ਦੇ ਅਪਣੇ ਫੇਸਬੁੱਕ ਪੇਜ ਅਨੁਸਾਰ ਉਹ ਓਵਰਲੈਂਡ ਪਾਰਕ ਖੇਤਰੀ ਮੈਡੀਕਲ ਸੈਂਟਰ ਵਿਚ ਕੰਮ ਕਰਦੀ ਸੀ। ਉਸ ਨੇ ਕੰਸਾਸ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਕੀਤੀ ਅਤੇ ਬਲੂ ਵੈਲੀ ਵੈਸਟ ਹਾਈ ਸਕੂਲ ਵਿਚ ਪੜ੍ਹਾਈ ਪੂਰੀ ਕੀਤੀ। ਅਪਣੀ ਬੱਚੀ ਦੀ ਮੌਤ 'ਤੇ ਪ੍ਰਵਾਰ ਅਤੇ ਦੋਸਤਾਂ ਵਿਚ ਸੋਗ ਦੀ ਲਹਿਰ ਹੈ।

# ਸਿੱਖਸ ਆਫ਼ ਅਮੈਰਿਕਾ ਦੇ ਵ਼ਫ਼ਦ ਨੇ ਭਾਰਤੀ ਚੋਣ ਕਮਿਸ਼ਨਰ ਨਾਲ ਕੀਤੀ ਮੁਲਾਕਾਤ



ਵਾਸ਼ਿੰਗਟਨ : ਭਾਰਤ ਸਰਕਾਰ ਦੇ ਚੋਣ ਕਮਿਸ਼ਨਰ ਸ਼੍ਰੀ ਅਨੂਪ ਚੰਦਰਾ ਪਾਂਡੇ ਇਨੀਂ ਦਿਨੀਂ ਅਮੈਰਿਕਾ ਦੌਰੇ 'ਤੇ ਹਨ।ਭਾਰਤੀ ਅੰਬੈਸੀ ਵਾਸ਼ਿੰਗਟਨ ਡੀ.ਸੀ. ਵਿਖੇ ਉਨ੍ਹਾਂ ਦੇ ਮਾਣ ਵਿਚ ਇਕ ਵਿਸ਼ੇਸ਼ ਸਮਾਰੋਹ ਕਰਵਾਇਆ ਗਿਆ। ਇਸ ਸਮਾਰੋਹ ਦੌਰਾਨ ਸਿੱਖਸ ਆਫ਼ ਅਮੈਰਿਕਾ ਦੇ ਵਫ਼ਦ ਵਲੋਂ ਭਾਰਤੀ ਚੋਣ ਕਮਿਸ਼ਨਰ ਅਨੂਪ ਚੰਦਰਾ ਪਾਂਡੇ ਨਾਲ ਚੇਅਰਮੈਨ ਜਸਦੀਪ ਸਿੰਘ ਜੱਸੀ ਦੀ ਅਗਵਾਈ 'ਚ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਵਫ਼ਦ ਵਿਚ ਬਲਜਿੰਦਰ ਸਿੰਘ ਸ਼ੰਮੀ, ਰਤਨ ਸਿੰਘ ਅਤੇ ਸੁਖਪਾਲ ਸਿੰਘ ਧਨੋਆ ਵੀ ਸ਼ਾਮਿਲ ਸਨ।

# ਸਰੀ ਮੈਮੋਰੀਅਲ ਹਸਪਤਾਲ ਵਿਚ ਐਮਰਜੈਂਸੀ ਸੇਵਾਵਾਂ ਦਾ ਬੁਰਾ ਹਾਲ

ਸਰੀ-ਸਰੀ ਮੈਮੋਰੀਅਲ ਹਸਪਤਾਲ ਦੇ ਐਮਰਜੈਂਸੀ ਰੂਮ ਦੇ ਦਰਜਨਾਂ ਡਾਕਟਰਾਂ ਨੇ ਐਮਰਜੈਂਸੀ ਸੇਵਾਵਾਂ ਵਿਚ ਦਰਪੇਸ਼ ਕਮੀਆਂ ਦਾ ਪਰਦਾਫਾਸ਼ ਕਰਦਿਆਂ ਇੱਕ ਖੁੱਲ੍ਹਾ ਪੱਤਰ ਜਨਤਕ ਕੀਤਾ ਹੈ ਜਿਸ ਵਿਚ ਡਾਕਟਰਾਂ ਨੇ ਮੁੱਖ ਤੌਰ 'ਤੇ ਬਿਸਤਰਿਆਂ ਦੀ ਘਾਟ, ਡਾਕਟਰਾਂ ਦੀ ਕਮੀ ਅਤੇ ਚੁਣੇ ਹੋਏ ਆਗੂਆਂ ਵੱਲੋਂ ਸਮੱਸਿਆ ਦਾ ਕੋਈ ਵੀ ਸਾਰਥਕ ਹੱਲ ਨਾ ਪ੍ਰਦਾਨ ਕਰਨ ਦੇ ਮੁੱਦੇ ਉਠਾਏ ਹਨ। ਡਾਕਟਰਾਂ ਅਨੁਸਾਰ ਬਿਸਤਰਿਆਂ ਦੀ ਘਾਟ ਕਾਰਨ ਮਰੀਜ਼ਾਂ ਨੂੰ ਸਹੀ ਵਾਰਡ ਦੀ ਬਜਾਏ ਐਮਰਜੈਂਸੀ ਰੂਮ ਵਿੱਚ ਹੀ ਉਡੀਕ ਕਰਨ ਅਤੇ ਨਰਸਿੰਗ ਸਹਾਇਤਾ ਲਈ ਛੱਡਣਾ ਪੈਂਦਾ ਹੈ ਅਤੇ ਇਸ ਤਰ੍ਹਾਂ ਇਹ ਬੈੱਡ-ਬਲਾਕ ਡਾਕਟਰਾਂ ਨੂੰ ਹਾਲਵੇਅ ਵਿੱਚ ਹੀ ਸਟ੍ਰੋਕ, ਦਿਲ ਦੇ ਦੌਰੇ, ਟਰੋਮਾ, ਗਰਭਪਾਤ ਅਤੇ ਦਰਦਨਾਕ ਮਰੀਜ਼ਾਂ ਦਾ ਨਿਯਮਿਤ ਤੌਰ @ਤੇ ਇਲਾਜ ਕਰਨ ਲਈ ਮਜਬੂਰ ਹੋਣਾਪੈ ਰਿਹਾ ਹੈ। ਡਾਕਟਰ ਵੇਟਿੰਗ ਰੂਮਾਂ, ਗਲਿਆਰਿਆਂ ਅਤੇ ਅਣ-ਨਿਗਰਾਨੀ ਵਾਲੇ ਇਲਾਜ ਖੇਤਰਾਂ ਵਿੱਚ ਕਮਜ਼ੋਰ ਮਰੀਜ਼ਾਂ ਦੀ ਦੇਖਭਾਲ ਕਰਨ ਲਈ ਮਜਬੂਰ ਹਨ



ਜੋ ਕਿ ਪੂਰੀ ਤਰ੍ਹਾਂ ਅਸਵੀਕਾਰਨਯੋਗ ਸਥਿਤੀ ਹੈ ਅਤੇ ਦਿਨੋ ਦਿਨ ਵਿਗੜਦੀ ਜਾ ਰਹੀ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਫਰੇਜ਼ਰ ਹੈਲਥ ਨੂੰ ਐਮਰਜੈਂਸੀ ਰੂਮ ਤੋਂ ਹਸਪਤਾਲ ਦੇ ਵਾਰਡਾਂ ਵਿੱਚ ਮਰੀਜ਼ਾਂ ਨੂੰ ਦਾਖਲ ਕਰਨ ਵਾਲੇ ਡਾਕਟਰਾਂ ਦੀ ਬਹੁਤ ਘਾਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸ ਘਾਟ ਕਾਰਨ ਮਰੀਜ਼ਾਂ ਨੂੰ ਡਾਕਟਰੀ ਸਹਾਇਤਾ ਤੋਂ ਬਿਨਾਂ ਕਈ ਕਈ ਦਿਨ ਉਡੀਕ ਕਰਨੀ ਪੈਂਦੀ ਹੈ ਅਤੇ ਕੁਝ ਮਰੀਜ਼ ਐਮਰਜੈਂਸੀ ਸਹਾਇਤਾ ਦੀ ਉਡੀਕ ਕਰਦੇ ਕਰਦੇ ਹੀ ਮਰ ਚੁੱਕੇ ਹਨ। ਜੇਕਰ ਹਸਪਤਾਲ ਦੇ ਡਾਕਟਰ ਸਮੇਂ ਸਿਰ ਮਰੀਜ਼ਾਂ ਨੂੰ ਦੇਖਣ ਲਈ ਉਪਲਬਧ ਹੁੰਦੇ ਤਾਂ ਇਹਨਾਂ ਵਿੱਚੋਂ ਕੁਝ ਭਿਆਨਕ ਨਤੀਜਿਆਂ ਨੂੰ ਰੋਕਿਆ ਜਾ ਸਕਦਾ ਸੀ। ਡਾਕਟਰਾਂ ਨੇ ਇਹ ਵੀ ਕਿਹਾ ਹੈ ਕਿ ਬੀ.ਸੀ. ਦੇ ਚੁਣੇ ਹੋਏ ਅਧਿਕਾਰੀ ਜ਼ਮੀਨੀ ਤੌਰ 'ਤੇ ਡਾਕਟਰਾਂ ਲਈ ਰੋਜ਼ਾਨਾ ਦੀ ਹਕੀਕਤ ਨੂੰ ਬਦਲਣ ਲਈ ਕੋਈ ਸਾਰਥਕ ਹੱਲ ਪ੍ਰਦਾਨ ਕਰਨ ਵਿੱਚ ਅਸਫਲ ਰਹੇ ਹਨ ਜਦੋਂ ਕਿ 2022 ਵਿੱਚ ਹਸਪਤਾਲ ਵਿਚਲੀਆਂ ਕਮੀਆਂ ਦੀ ਭਵਿੱਖਬਾਣੀ ਕਰ ਦਿੱਤੀ ਗਈ ਸੀ।

# ਮਨੋਰੰਜਨ ਭਰਪੂਰ ਹੋਵੇਗੀ ਫ਼ਿਲਮ 'ਸਿੱਧੂ ਇਨ ਸਾਊਥਾਲ'

ਪੰਜਾਬੀ ਸਿਨੇਮਾਂ ਤੇਜ਼ੀ ਨਾਲ ਅੱਗੇ ਵੱਲ ਨੂੰ ਵੱਧ ਰਿਹਾ ਹੈ ਤੇ ਦਰਸ਼ਕਾਂ ਲਈ ਨਵੇਂ-ਨਵੇਂ ਵਿਸ਼ੇ ਤੇ ਤਿਆਰ ਫਿਲਮਾਂ ਲੈ ਕੇ ਆ ਰਿਹਾ ਹੈ।ਦਰਸ਼ਕ ਵੀ ਹੁਣ ਰਲਦੇ-ਮਿਲਦੇ ਵਿਸ਼ਿਆਂ ਵਾਲੀਆਂ ਫਿਲਮਾਂ ਨੂੰ ਨਕਾਰ ਕੇ ਕੁਝ ਵੱਖਰਾ ਵੇਖਣ ਦੀ ਚਾਹਤ ਰੱਖਦੇ ਹਨ।ਇਸੇ ਰੁਝਾਨ ਤਹਿਤ ਇੱਕ ਵੱਖਰੇ ਵਿਸ਼ੇ ਤੇ ਬਣ ਕੇ ਤਿਆਰ ਹੋਈ ਫਿਲਮ 'ਸਿੱਧੂ ਇਨ ਸਾਊਥਾਲ' 19 ਮਈ ਨੂੰ ਰਿਲੀਜ਼ ਹੋਣ ਜਾ ਰਿਹੀ ਹੈ।'ਵਾਈਟਹਿੱਲ ਸਟੂਡੀਓ' ਦੇ ਬੈਨਰ ਹੇਠ ਬਣੀ ਇਸ ਫਿਲਮ ਵਿੱਚ ਅਦਾਕਾਰਾ ਸਰਗੁਣ ਮਹਿਤਾ ਅਤੇ ਅਜੇ ਸਰਕਾਰੀਆ ਮੁੱਖ ਭੂਮਿਕਾ 'ਚ ਹਨ।ਇਨਾਂ ਤੋਂ ਇਲਾਵਾ ਪ੍ਰਿੰਸ ਕੰਵਲਜੀਤ ਸਿੰਘ, ਅਮਰ ਨੂਰੀ, ਬੀ ਐਨ ਸ਼ਰਮਾ ਅਤੇ ਇਫਤਿਆਰ ਠਾਕੁਰ ਸਮੇਤ ਕਈ ਹੋਰ ਨਾਮੀ ਸਿਤਾਰੇ ਨਜ਼ਰ ਆਉਣਗੇ।ਮੇਲ ਕਰਾਦੇ ਰੱਬਾ, ਤੇਰਾ ਮੇਰਾ ਕੀ ਰਿਸ਼ਤਾ, ਜ਼ਿੰਦੂਆ ਵਰਗੀਆਂ ਹਿੱਟ ਫਿਲਮਾਂ ਦਾ ਨਿਰਦੇਸ਼ਨ ਕਰਨ ਵਾਲੇ ਨਿਰਦੇਸ਼ਕ ਨਵਨੀਤ ਸਿੰਘ ਨੇ ਇਸ ਫ਼ਿਲਮ ਦਾ ਨਿਰਦੇਸ਼ਿਤ ਕੀਤਾ ਹੈ ਜਦੋਂ ਕਿ ਇਸ ਨੂੰ ਗੁਣਬੀਰ ਸਿੰਘ ਸਿੱਧੂ ਅਤੇ ਮਨਮੋਰਡ ਸਿੰਘ ਸਿੱਧੂ ਨੇ ਪ੍ਰੋਡਿਊਸ ਕੀਤਾ ਹੈ।ਆਮ ਪੰਜਾਬੀ ਫ਼ਿਲਮਾਂ ਨਾਲੋਂ ਵੱਖਰੀ ਤੇ ਮਨੋਰੰਜਨ ਭਰਪੂਰ ਇਸ ਫ਼ਿਲਮ ਦੀ ਕਹਾਣੀ ਇੱਕ ਲੰਡਨ ਵਸਨੀਕ ਅਜਿਹੇ ਪਰਿਵਾਰ ਦੁਆਲੇ ਘੁੰਮਦੀ ਹੈ ਜੋ ਕਿੱਤੇ ਵਜੋਂ ਲੰਡਨ ਦੇ ਸਾਊਥਹਾਲ 'ਚ ਵੈਡਿੰਗ ਪਲਾਨਿੰਗ ਹੈ।ਇਸ ਪਰਿਵਾਰ ਦੀ ਜ਼ਿੰਦਗੀ ਚ ਇਕ ਕੁੱਝ ਅਜਿਹਾ ਵਾਪਰਦਾ ਹੈ ਕਿ ਉਨ੍ਹਾਂ ਦੀ ਜ਼ਿੰਦਗੀ ਹੀ ਬਦਲ ਜਾਂਦੀ ਹੈ।ਫ਼ਿਲਮ ਦਾ ਟ੍ਰੇਲਰ ਵੇਖਣ ਤੋਂ ਬਾਅਦ ਫੈਨਸ 'ਚ ਫਿਲਮ ਪ੍ਰਤੀ ਕਾਫੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।



**ਹਰਜਿੰਦਰ ਸਿੰਘ** 9463828000

# ਯੁੱਧ ਦੇ ਬਦਲ ਰਹੇ ਹਾਲਾਤ, ਰੂਸ ਦੇ ਸੈਨਿਕਾਂ 'ਤੇ ਹਾਵੀ ਹੋ ਰਹੀ ਯੂਕ੍ਰੇਨ ਦੀ ਫ਼ੌਜ



ਕੀਵ -ਬਖਮੁਤ 'ਚ ਯੁੱਧ ਦੇ ਹਾਲਾਤ ਬਦਲ ਰਹੇ ਹਨ, ਯੂਕ੍ਰੇਨ ਦੀ ਫ਼ੌਜ ਰੂਸ 'ਤੇ ਹਮਲੇ ਕਰ ਰਹੀ ਹੈ। ਰੂਸ ਅਤੇ ਯੂਕ੍ਰੇਨ ਵਿਚਾਲੇ ਸਭ ਤੋਂ ਵੱਡੀ ਜੰਗ ਕੀਵ ਦੇ ਇਸ ਛੋਟੇ ਜਿਹੇ ਇਲਾਕੇ 'ਚ ਚੱਲ ਰਹੀ ਹੈ ਪਰ ਹੁਣ ਬਾਜ਼ੀ ਪਲਟਦੀ ਨਜ਼ਰ ਆ ਰਹੀ ਹੈ। ਜਿਸ ਜ਼ਮੀਨ 'ਤੇ ਯੂਕ੍ਰੇਨ ਦੇ ਸੈਨਿਕਾਂ ਨੇ ਆਪਣਾ ਖੂਨ ਵਹਾਇਆ ਸੀ, ਹੁਣ ਉਸੇ ਬਖਮੁਤ 'ਚ ਯੂਕ੍ਰੇਨ ਦੇ ਫ਼ੌਜੀਆਂ ਨੇ ਬੜ੍ਹਤ ਬਣਾਉਣੀ ਸ਼ੁਰੂ ਕਰ ਦਿੱਤੀ ਹੈ। ਜੋ ਦਿਖਾਈ ਦੇ ਰਿਹਾ ਹੈ, ਉਹ ਇਸ ਗੱਲ ਦਾ ਸਬੂਤ ਹੈ ਕਿ ਰੂਸੀ ਸੈਨਿਕ ਮੈਦਾਨ ਛੱਡ ਕੇ ਬਖਮੁਤ ਤੋਂ ਭੱਜ ਰਹੇ ਹਨ। ਯੂਕ੍ਰੇਨ ਦੀ ਫ਼ੌਜ ਮੁਤਾਬਕ ਜੋ ਸੁਰੰਗ ਉਨ੍ਹਾਂ ਨੂੰ ਮਿਲੀ ਹੈ, ਰੂਸੀ ਫ਼ੌਜੀ ਇਸ ਸੁਰੰਗ ਤੋਂ ਗੁਪਤ ਰੂਪ ਨਾਲ ਹਮਲਾ ਕਰ ਰਹੇ ਸਨ। ਹੁਣ ਇੱਥੇ ਸਿਰਫ਼ ਉਨ੍ਹਾਂ ਦੇ ਨਿਸ਼ਾਨ ਬਚੇ ਹਨ ਅਤੇ ਆਸ-ਪਾਸ ਦੇ ਇਲਾਕਿਆਂ 'ਚ ਰੂਸੀ ਸੈਨਿਕਾਂ ਦੀਆਂ ਲਾਸ਼ਾਂ ਦੇਖੀਆਂ ਜਾ ਸਕਦੀਆਂ ਹਨ। ਇੱਥੇ ਬਹੁਤ ਸਾਰੀਆਂ ਸੁਰੰਗਾਂ ਹਨ, ਜਿਨ੍ਹਾਂ 'ਚ ਰੂਸੀ ਸੈਨਿਕਾਂ ਦੀਆਂ ਜੁੱਤੀਆਂ, ਹੈਲਮੇਟ ਅਤੇ ਵਰਦੀਆਂ ਦੇ ਹਿੱਸੇ ਦੇਖੇ ਜਾ ਸਕਦੇ ਹਨ। ਇਹ ਤਸਵੀਰ ਬਖਮੁਤ ਦੇ ਆਰਟਿਓਮੋਵਸਕ ਦੀ ਹੈ, ਜਿੱਥੇ ਵੈਗਨਰ ਲੜਾਕਿਆਂ ਦੀ ਬਾਰੂਦ ਉਗਲਣ ਵਾਲੀ ਮਸ਼ੀਨ ਨੂੰ ਯੂਕ੍ਰੇਨੀਅਨ ਫੋਰਸ ਨੇ ਤਬਾਹ ਕਰ ਦਿੱਤਾ ਤੇ ਉਹ ਰੂਸੀ ਸੈਨਿਕਾਂ ਦੀ ਭਾਲ ਵਿੱਚ ਗਸ਼ਤ ਕਰ ਰਹੇ ਹਨ।

# ਹੁਣ ਅਮਰੀਕਾ 'ਚ ਰਾਹੁਲ ਗਾਂਧੀ ਖੋਲ੍ਹਣਗੇ 'ਮੁਹੱਬਤ ਦੀ ਦੁਕਾਨ', ਪੋਸਟਰ ਹੋਇਆ ਜਾਰੀ

ਕਾਂਗਰਸ ਨੇਤਾ ਰਾਹੁਲ ਗਾਂਧੀ 10 ਦਿਨਾਂ ਦੇ ਅਮਰੀਕਾ ਦੌਰੇ 'ਤੇ ਜਾ ਰਹੇ ਹਨ। ਪਹਿਲਾਂ ਕਿਹਾ ਜਾ ਰਿਹਾ ਸੀ ਕਿ ਉਹ 31 ਮਈ ਨੂੰ ਰਵਾਨਾ ਹੋਣਗੇ ਪਰ ਹੁਣ ਫੇਰੀ ਦਾ ਸਮਾਂ ਬਦਲ ਦਿੱਤਾ ਗਿਆ ਹੈ। ਉਹ 28 ਮਈ ਨੂੰ ਰਵਾਨਾ ਹੋਣ ਜਾ ਰਹੇ ਹਨ। ਇਸ ਦੌਰਾਨ ਕਾਂਗਰਸ ਨੇ ਅਮਰੀਕਾ ਵਿੱਚ ਰਹਿ ਰਹੇ ਭਾਰਤੀਆਂ ਨੂੰ ਰਾਹੁਲ ਗਾਂਧੀ ਦੇ 'ਮੁਹੱਬਤ ਕੀ ਦੁਕਾਨ' ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਪਾਰਟੀ ਨੇ ਇਸ ਸਬੰਧੀ ਪੋਸਟਰ ਜਾਰੀ ਕੀਤਾ ਹੈ।

ਪੋਸਟਰ 'ਚ ਦੱਸਿਆ ਗਿਆ ਹੈ ਕਿ 'ਮੁਹੱਬਤ ਕੀ ਦੁਕਾਨ' ਪ੍ਰੋਗਰਾਮ 30 ਮਈ ਨੂੰ ਆਯੋਜਿਤ ਕੀਤਾ ਜਾਵੇਗਾ, ਜਿਸ ਦਾ ਸਮਾਂ ਸ਼ਾਮ 5 ਵਜੇ ਤੋਂ ਰਾਤ 8 ਵਜੇ ਤੱਕ ਹੈ। ਲੋਕਾਂ ਨੂੰ ਧਰਮ ਨਿਰਪੱਖ ਅਤੇ ਜਮਹੂਰੀ ਭਾਰਤ ਲਈ ਇਕੱਠੇ ਹੋਣ ਦੀ ਅਪੀਲ ਕੀਤੀ ਗਈ। ਪ੍ਰੋਗਰਾਮ ਵਿੱਚ ਸ਼ਾਮਲ ਹੋਣ ਵਾਲਿਆਂ ਲਈ, ਕਾਂਗਰਸ ਨੇ ਰਜਿਸਟ੍ਰੇਸ਼ਨ ਲਈ ਸੰਪਰਕ ਨੰਬਰ ਅਤੇ ਵੈਬਸਾਈਟ ਲਿੰਕ ਦਿੱਤਾ ਹੈ। ਇਸ ਤੋਂ ਇਲਾਵਾ ਰਾਹੁਲ ਗਾਂਧੀ ਸਟੈਨਫੋਰਡ ਯੂਨੀਵਰਸਿਟੀ 'ਚ ਇਕ ਪ੍ਰੋਗਰਾਮ 'ਚ ਹਿੱਸਾ ਲੈਣਗੇ।




ਦਰਅਸਲ, ਰਾਹੁਲ ਗਾਂਧੀ ਨੇ ਹਾਲ ਹੀ ਵਿੱਚ ਕੈਂਬਰਿਜ ਯੂਨੀਵਰਸਿਟੀ ਵਿੱਚ ਇੱਕ ਭਾਸ਼ਣ ਦਿੱਤਾ ਸੀ, ਜਿੱਥੇ ਉਨ੍ਹਾਂ ਨੇ ਸਰਕਾਰ ਦੀ ਤਿੱਖੀ ਆਲੋਚਨਾ ਕੀਤੀ ਸੀ ਅਤੇ ਭਾਰਤੀ ਲੋਕਤੰਤਰ ਦੀ ਸਥਿਤੀ 'ਤੇ ਸਵਾਲ ਖੜ੍ਹੇ ਕੀਤੇ ਸਨ। ਇਸ ਤੋਂ ਬਾਅਦ ਰਾਹੁਲ ਗਾਂਧੀ ਲੰਡਨ ਤੋਂ ਵਾਪਸ ਆਉਂਦੇ ਹੀ ਸੁਰਖੀਆਂ 'ਚ ਆ ਗਏ ਸਨ।

ਵਾਇਨਾਡ ਦੇ ਸਾਬਕਾ ਸੰਸਦ ਮੈਂਬਰ ਦਾ ਦੌਰਾ 22 ਜੂਨ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਰਾਜ ਦੌਰੇ ਤੋਂ ਹਫ਼ਤੇ ਪਹਿਲਾਂ ਹੋ ਰਿਹਾ ਹੈ। ਅਮਰੀਕੀ ਰਾਸ਼ਟਰਪਤੀ ਜੋਅ ਬਾਈਡੇਨ ਅਤੇ ਪ੍ਰਥਮ ਮਹਿਲਾ ਜਿਲ ਬਿਡੇਨ ਇਸ ਦੌਰੇ ਦੌਰਾਨ ਵ੍ਹਾਈਟ ਹਾਊਸ ਵਿੱਚ ਪੀਐਮ ਮੋਦੀ ਦੀ ਮੇਜ਼ਬਾਨੀ ਕਰਨਗੇ।

ਰਾਹੁਲ ਗਾਂਧੀ ਨੇ ਬ੍ਰਿਟੇਨ ਦੀ ਕੈਂਬਰਿਜ ਯੂਨੀਵਰਸਿਟੀ 'ਚ ਕਿਹਾ ਸੀ ਕਿ ਹਰ ਕੋਈ ਜਾਣਦਾ ਹੈ ਕਿ ਭਾਰਤੀ ਲੋਕਤੰਤਰ ਦਬਾਅ 'ਚ ਹੈ ਅਤੇ ਇਸ 'ਤੇ ਹਮਲਾ ਹੋ ਰਿਹਾ ਹੈ। ਭਾਰਤ ਵਿੱਚ ਇੱਕ ਵਿਰੋਧੀ ਧਿਰ ਦੇ ਨੇਤਾ ਹਨ, ਅਸੀਂ ਉਸ ਦੀ ਭਾਲ ਕਰ ਰਹੇ ਹਾਂ। ਰਾਹੁਲ ਦੇ ਇਸ ਬਿਆਨ ਤੋਂ ਬਾਅਦ ਕਾਫੀ ਹੰਗਾਮਾ ਹੋਇਆ। ਸੱਤਾਧਾਰੀ ਭਾਜਪਾ ਨੇ ਇੱਕ ਨਵਾਂ ਮੁੱਦਾ ਲੱਭ ਲਿਆ ਸੀ, ਜਿਸ ਵਿੱਚ ਗਾਂਧੀ ਤੋਂ ਮੁਆਫ਼ੀ ਦੀ ਮੰਗ ਕੀਤੀ ਗਈ ਸੀ।

# ਕੈਲੀਫੋਰਨੀਆ 'ਚ ਜਾਤੀ ਆਧਾਰਿਤ ਭੇਦਭਾਵ 'ਤੇ ਪਾਬੰਦੀ ਲਗਾਉਣ ਵਾਲਾ ਬਿੱਲ ਪਾਸ

ਸੈਕਰਾਮੈਂਟੋ-ਅਮਰੀਕਾ 'ਚ ਕੈਲੀਫੋਰਨੀਆ ਸਟੇਟ ਸੈਨੇਟ ਨੇ ਜਾਤੀ ਆਧਾਰਿਤ ਭੇਦਭਾਵ 'ਤੇ ਪਾਬੰਦੀ ਲਗਾਉਣ ਲਈ ਵੀਰਵਾਰ ਨੂੰ ਇਕ ਬਿੱਲ ਪਾਸ ਕੀਤਾ। ਇਸ ਬਿੱਲ ਨੂੰ ਇਕ ਦੇ ਮੁਕਾਬਲੇ 34 ਵੋਟਾਂ ਨਾਲ ਪਾਸ ਕੀਤਾ ਗਿਆ। ਇਸ ਨਾਲ ਕੈਲੀਫੋਰਨੀਆ ਅਮਰੀਕਾ ਦਾ ਪਹਿਲਾ ਸੂਬੇ ਬਣ ਜਾਏਗਾ, ਜੋ ਆਪਣੇ ਭੇਦਭਾਵ ਰੋਕੂ ਬਿੱਲਾਂ 'ਚ ਜਾਤੀ ਦੀ ਸ਼੍ਰੇਣੀ ਵੀ ਜੋੜੇਗਾ। ਸੂਬੇ ਦੀ ਪ੍ਰਤੀਨਿਧੀ ਸਭਾ ਵਿਚ ਵੀ ਅਜਿਹਾ ਹੀ ਇਕ ਬਿੱਲ ਪੇਸ਼ ਕੀਤਾ ਜਾ ਰਿਹਾ ਹੈ, ਜਿਸ ਤੋਂ ਬਾਅਦ ਇਸ ਨੂੰ ਕਾਨੂੰਨ ਦਾ ਰੂਪ ਦੇਣ ਲਈ ਗਵਰਨਰ ਕੋਲ ਦਸਤਖ਼ਤ ਲਈ ਭੇਜਿਆ ਜਾਵੇਗਾ। ਕੈਲੀਫੋਰਨੀਆ ਦੀ ਸੈਨੇਟਰ ਆਇਸ਼ਾ ਵਹਾਬ ਵੱਲੋਂ ਪੇਸ਼ ਕੀਤਾ ਬਿੱਲ 'ਐੱਸ.ਬੀ. 403' ਇਕ ਮੌਜੂਦਾ ਕਾਨੂੰਨ 'ਚ ਜਾਤੀ ਨੂੰ ਸੁਰੱਖਿਅਤ ਸ਼੍ਰੇਣੀ ਦੇ ਰੂਪ ਵਿਚ ਜੋੜਦਾ ਹੈ। ਬਿੱਲ ਪਾਸ ਹੋਣ ਤੋਂ ਬਾਅਦ ਜੇਕਰ ਕੋਈ ਵਿਅਕਤੀ ਕੈਲੀਫੋਰਨੀਆ 'ਚ ਜਾਤ ਦੇ ਆਧਾਰ 'ਤੇ ਵਿਤਕਰਾ ਕਰਦਾ ਹੈ, ਤਾਂ ਇਸ ਨੂੰ ਅਪਰਾਧ ਮੰਨਿਆ ਜਾਵੇਗਾ। ਬਿੱਲ ਨੂੰ ਪਾਸ ਕਰਨ ਦੇ ਪੱਖ 'ਚ 34 ਵੋਟਾਂ ਪਈਆਂ, ਜਦਕਿ ਇਸ ਦੇ ਵਿਰੋਧ 'ਚ ਸਿਰਫ 1 ਵੋਟ ਪਈ। ਇਹ ਕਾਨੂੰਨ ਕੈਲੀਫੋਰਨੀਆ ਰਾਜ ਦੇ ਸਾਰੇ ਲੋਕਾਂ ਨੂੰ ਸਾਰੇ ਵਪਾਰਕ ਅਦਾਰਿਆਂ ਵਿਚ ਰਿਹਾਇਸ਼, ਸਹੂਲਤਾਂ, ਵਿਸ਼ੇਸ਼ ਅਧਿਕਾਰਾਂ ਜਾਂ ਸੇਵਾਵਾਂ ਦੇ ਬਰਾਬਰ ਅਧਿਕਾਰ ਦੇਵੇਗਾ।



# ਅਮਰੀਕਾ ਵੱਲੋਂ ਟਾਈਟਲ 42 ਅਧੀਨ ਬਾਰਡਰ 'ਤੇ ਕੀਤੀ ਸਖਤੀ

## ਅਮਰੀਕਾ ਦੇ ਬਾਰਡਰਾਂ ਨੂੰ ਕੀਤਾ ਸੀਲ; ਸੁਰੱਖਿਆ ਦਸਤਿਆਂ ਦੀ ਗਿਣਤੀ ਵਧਾਈ

ਸੈਕਰਾਮੈਂਟੋ- ਅਮਰੀਕਾ ਲਈ ਇਸ ਵੇਲੇ ਆਪਣੀਆਂ ਸਰਹੱਦਾਂ 'ਤੇ ਗੈਰ ਕਾਨੂੰਨੀ ਢੰਗ ਨਾਲ ਪਹੁੰਚ ਕੇ ਦਾਖਲ ਹੁੰਦੇ ਲੋਕਾਂ ਨੂੰ ਰੋਕਣਾ ਅਤੇ ਸੰਭਾਲਣਾ ਇਕ ਵੱਡੀ ਚੁਣੌਤੀ ਬਣ ਗਿਆ ਹੈ। ਪਿਛਲੇ ਸਮੇਂ ਦੌਰਾਨ ਲੱਖਾਂ ਲੋਕ ਅਮਰੀਕਾ ਦੇ ਬਾਰਡਰ ਟੱਪ ਕੇ ਪ੍ਰਵੇਸ਼ ਕਰ ਗਏ ਹਨ। ਕੋਵਿਡ-19 ਦੇ ਚੱਲਦਿਆਂ ਅਮਰੀਕਾ ਸਰਕਾਰ ਵੱਲੋਂ ਇਸ ਦੇ ਲਈ ਨਰਮੀ ਵਰਤੀ ਗਈ ਸੀ ਅਤੇ ਆਉਣ ਵਾਲੇ ਲੋਕਾਂ ਨੂੰ ਇਥੇ ਪਨਾਹ ਦਿੱਤੀ ਜਾਂਦੀ ਰਹੀ ਸੀ। ਪਰ ਹੁਣ ਟਾਈਟਲ 42 ਨੂੰ ਖਤਮ ਕਰਕੇ ਅਮਰੀਕਾ ਦੇ ਬਾਰਡਰਾਂ ਨੂੰ ਤਕਰੀਬਨ ਸੀਲ ਕਰ ਦਿੱਤਾ ਗਿਆ ਹੈ। ਇਥੇ ਵਿਸ਼ੇਸ਼ ਸੁਰੱਖਿਆ ਦਸਤਿਆਂ ਦੀ ਗਿਣਤੀ ਵਧਾ ਦਿੱਤੀ ਗਈ ਹੈ, ਤਾਂਕਿ ਕੋਈ ਪ੍ਰਵਾਸ ਕਰਕੇ ਗੈਰ ਕਾਨੂੰਨੀ ਤੌਰ 'ਤੇ ਅਮਰੀਕਾ ਵਿਚ ਦਾਖਲ ਨਾ ਹੋ ਸਕੇ। ਇਸ ਸੰਬੰਧੀ ਬਹੁਤ ਸਾਰੇ ਕਾਨੂੰਨ ਵਿਚਾਰ ਅਧੀਨ ਹਨ। ਰਿਪਬਲੀਕਨ ਪਾਰਟੀ ਵੱਲੋਂ




ਰਾਸ਼ਟਰਪਤੀ ਬਾਇਡਨ 'ਤੇ ਕਾਫੀ ਦਬਾਅ ਪਾਇਆ ਗਿਆ ਹੈ, ਜਿਸ ਦੇ ਚੱਲਦਿਆਂ ਬਾਇਡਨ ਨੂੰ ਅਮਰੀਕਾ 'ਚ ਪ੍ਰਵਾਸ ਰੋਕਣ ਲਈ ਸਖਤ ਕਦਮ ਚੁੱਕਣ ਲਈ ਮਜਬੂਰ ਹੋਣਾ ਪਿਆ ਹੈ। ਹੁਣ ਅਮਰੀਕਾ ਵਿਚ ਆਉਣਾ ਸੌਖਾ ਨਹੀਂ ਹੋਵੇਗਾ। ਜ਼ਿਕਰਯੋਗ ਹੈ ਕਿ ਇਥੋਂ ਦੀਆਂ ਇੰਮੀਗ੍ਰੇਸ਼ਨ ਅਦਾਲਤਾਂ ਵਿਚ ਪਹਿਲਾਂ ਹੀ ਬੈਕਲਾਗ ਚੱਲ ਰਿਹਾ ਹੈ, ਜਿਸ ਕਰਕੇ ਰਾਜਨੀਤਿਕ ਸ਼ਰਨ ਲੈਣ ਵਾਲਿਆਂ ਨੂੰ ਵੀ ਹੁਣ ਸਾਲਾਂਬੱਧੀ ਉਡੀਕ ਕਰਨੀ ਪੈ ਰਹੀ ਹੈ। ਦੁਨੀਆਂ ਭਰ ਤੋਂ ਲੋਕ ਉੱਜਵਲ ਭਵਿੱਖ ਲਈ ਅਮਰੀਕਾ ਵਿਚ ਆਉਂਦੇ ਹਨ, ਜਿਨ੍ਹਾਂ ਵਿਚ ਪੰਜਾਬੀ ਵੀ ਭਾਰੀ ਗਿਣਤੀ ਵਿਚ ਇਥੇ ਪਹੁੰਚਦੇ ਹਨ। ਇਕ ਰਿਪੋਰਟ ਅਨੁਸਾਰ ਪੰਜਾਬੀ ਇਸ ਵਕਤ 50 ਲੱਖ ਰੁਪਏ ਦੇ ਕਰੀਬ ਏਜੰਟਾਂ ਨੂੰ ਦੇ ਕੇ ਗੈਰ ਕਾਨੂੰਨੀ ਢੰਗ ਨਾਲ ਅਮਰੀਕਾ ਪਹੁੰਚ ਰਹੇ ਹਨ। ਪਰ ਆਉਣ ਵਾਲੇ ਸਮੇਂ ਵਿਚ ਜੇ ਕੋਈ ਪੈਸਾ ਦੇ ਕੇ ਇਥੇ ਪਹੁੰਚਦਾ ਹੈ, ਤਾਂ ਉਸ ਨੂੰ ਵੀ ਅਮਰੀਕਾ ਵਿਚ ਦਾਖਲ ਹੋਣ ਤੋਂ ਰੋਕਿਆ ਜਾਵੇਗਾ। ਸੋ ਬਿਹਤਰ ਹੈ ਕਿ ਕਾਨੂੰਨੀ ਤਰੀਕੇ ਨਾਲ ਹੀ ਅਮਰੀਕਾ ਪਹੁੰਚਿਆ ਜਾਵੇ, ਤਾਂ ਜੋ ਕਿਸੇ ਮੁਸੀਬਤ ਦਾ ਸਾਹਮਣਾ ਨਾ ਕਰਨਾ ਪਵੇ।

# ਡਿਬਰੂਗੜ੍ਹ ਜੇਲ੍ਹ 'ਚ ਅੰਮ੍ਰਿਤਪਾਲ ਨੂੰ ਮਿਲਣ ਪਹੁੰਚੇ ਮਾਪੇ

ਖਾਲਿਸਤਾਨ ਪੱਖੀ ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਮਿਲਣ ਲਈ ਉਸ ਦੇ ਮਾਤਾ-ਪਿਤਾ ਅਸਾਮ ਦੀ ਡਿਬਰੂਗੜ੍ਹ ਜੇਲ ਪਹੁੰਚੇ। ਮੁਲਾਕਾਤ ਤੋਂ ਬਾਅਦ ਅੰਮ੍ਰਿਤਪਾਲ ਦੇ ਮਾਤਾ ਅਤੇ ਪਿਤਾ ਨੇ ਦੱਸਿਆ ਕਿ ਅੱਜ ਉਨ੍ਹਾਂ ਦੀ ਜੇਲ੍ਹ ਵਿੱਚ ਪਹਿਲੀ ਮੁਲਾਕਾਤ ਸੀ। ਮਾਤਾ ਬਲਵਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਦਾ ਲੜਕਾ ਜੇਲ੍ਹ ਚੜਦੀਕਲਾ ਵਿੱਚ ਹੈ। ਉਨ੍ਹਾਂ ਕਿਹਾ ਕਿ ਸਰਕਾਰ ਉਨ੍ਹਾਂ ਨਾਲ ਧੱਕੇਸ਼ਾਹੀ ਕਰ ਰਹੀ ਹੈ। ਅੰਮ੍ਰਿਤਪਾਲ ਦੀ ਮਾਤਾ ਨੇ ਕੇਂਦਰ ਅਤੇ ਸੂਬਾ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਅੰਮ੍ਰਿਤਪਾਲ ਅਤੇ ਉਸ ਦੇ ਸਾਥੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਪਿਤਾ ਨੇ ਕਿਹਾ ਕਿ ਜਦੋਂ ਤੱਕ ਅੰਮ੍ਰਿਤਪਾਲ ਇੱਥੇ ਜੇਲ੍ਹ ਵਿੱਚ ਬੰਦ ਹੈ, ਘਰੋਂ ਕੋਈ ਨਾ ਕੋਈ ਵਿਅਕਤੀ ਉਸ ਨੂੰ ਮਿਲਣ ਆਉਂਦਾ ਰਹੇਗਾ। ਮਾਪੇ ਆਪਣੇ ਨਾਲ ਖਾਣ ਪੀਣ ਦਾ ਸਮਾਨ ਵੀ ਲੈ ਕੇ ਆਏ ਸਨ। ਪਰ ਜੇਲ ਪ੍ਰਸ਼ਾਸਨ ਨੇ ਸਾਰਾ ਸਮਾਨ ਆਪਣੇ ਕੋਲ ਰੱਖਿਆ। ਮਾਤਾ ਅਤੇ ਪਿਤਾ ਤਰਸੇਮ ਸਿੰਘ ਨੇ ਦੱਸਿਆ ਕਿ ਜੇਲ੍ਹ ਪ੍ਰਸ਼ਾਸਨ ਨੇ ਕਿਹਾ ਕਿ ਉਹ ਜੋ ਸਾਮਾਨ ਲੈ ਕੇ ਆਏ ਹਨ, ਉਸ ਦੀ ਜਾਂਚ ਕਰਕੇ ਅੰਮ੍ਰਿਤਪਾਲ ਨੂੰ ਸੌਂਪ ਦਿੱਤਾ ਜਾਵੇਗਾ। ਅੰਮ੍ਰਿਤਪਾਲ ਨੂੰ



ਮਿਲਣ ਲਈ ਉਸ ਦੀ ਪਤਨੀ ਸਮੇਤ ਕਰੀਬ 10 ਵਿਅਕਤੀ 14 ਦਿਨ ਪਹਿਲਾਂ ਆਏ ਸਨ। ਪਰ ਇਸ ਵਾਰ ਡਿਬਰੂਗੜ੍ਹ ਜੇਲ੍ਹ ਵਿੱਚ ਅੰਮ੍ਰਿਤਪਾਲ ਨੂੰ ਮਿਲਣ ਲਈ ਉਸ ਦੀ ਮਾਂ ਬਲਵਿੰਦਰ ਕੌਰ ਅਤੇ ਪਿਤਾ ਤਰਸੇਮ ਸਿੰਘ ਹੀ ਪੁੱਜੇ। ਅੰਮ੍ਰਿਤਪਾਲ ਦੇ ਮਾਤਾ-ਪਿਤਾ ਬਰਨਾਲਾ ਦੇ ਸਾਬਕਾ ਸੰਸਦ ਮੈਂਬਰ ਅਤੇ ਐਡਵੋਕੇਟ ਰਾਜਦੇਵ ਸਿੰਘ ਖਾਲਸਾ ਅਤੇ ਇਕ ਹੋਰ ਵਕੀਲ ਬ੍ਰਿਜ ਸ਼ਰਮਾ ਨਾਲ ਪਹੁੰਚੇ। ਐਡਵੋਕੇਟ ਬ੍ਰਿਜ ਸ਼ਰਮਾ ਨੇ ਦੱਸਿਆ ਕਿ ਉਹ ਅੰਮ੍ਰਿਤਪਾਲ ਦੇ ਚਾਚਾ ਹਰਜੀਤ ਸਿੰਘ ਨੂੰ ਮਿਲਣਗੇ। ਉਹ ਪੰਜਾਬ ਦੇ ਉਨ੍ਹਾਂ ਸਾਰੇ ਲੋਕਾਂ ਨੂੰ ਜ਼ਮਾਨਤ ਦੇ ਰਿਹਾ ਹੈ ਜਿਨ੍ਹਾਂ 'ਤੇ ਐਨਐਸਏ ਨਹੀਂ ਲਗਾਇਆ ਗਿਆ ਹੈ। ਅੱਜ ਜੇਲ੍ਹ ਵਿੱਚ ਮਾਪਿਆਂ ਦੀ ਪਹਿਲੀ ਮੁਲਾਕਾਤ ਹੈ।

## ਸਿੱਧਰਮਈਆ ਮੁੱਖ ਮੰਤਰੀ ਤੇ ਸ਼ਿਵਕੁਮਾਰ ਬਣਨਗੇ ਡਿਪਟੀ, ਸਹੁੰ ਚੁੱਕ ਸਮਾਗਮ 20 ਨੂੰ



ਨਵੀਂ ਦਿੱਲੀ- ਕਰਨਾਟਕ 'ਚ ਕਾਂਗਰਸ ਵਿਧਾਇਕ ਦਲ ਦਾ ਨੇਤਾ ਚੁਣਨ ਲਈ ਲੰਬੇ ਵਿਚਾਰ-ਵਟਾਂਦਰੇ ਤੋਂ ਬਾਅਦ ਅੱਜ ਪਾਰਟੀ ਨੇ ਐਲਾਨ ਕੀਤਾ ਕਿ ਸਿੱਧਰਮਈਆ ਸੂਬੇ ਦੇ ਅਗਲੇ ਮੁੱਖ ਮੰਤਰੀ ਹੋਣਗੇ ਅਤੇ ਡੀਕੇ ਸ਼ਿਵਕੁਮਾਰ ਉਪ ਮੁੱਖ ਮੰਤਰੀ ਦਾ ਅਹੁਦਾ ਸੰਭਾਲਣਗੇ। ਪਾਰਟੀ ਦੇ ਸੰਗਠਨ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਅਗਲੇ ਸਾਲ ਲੋਕ ਸਭਾ ਚੋਣਾਂ ਤੱਕ ਸ੍ਰੀ ਸ਼ਿਵਕੁਮਾਰ ਸੂਬੇ 'ਚ ਪਾਰਟੀ ਦੇ ਪ੍ਰਧਾਨ ਬਰਕਰਾਰ ਰਹਿਣਗੇ। ਇਸ ਤੋਂ ਪਹਿਲਾਂ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਬੁੱਧਵਾਰ ਦੇਰ ਰਾਤ ਸ੍ਰੀ ਵੇਣੂਗੋਪਾਲ ਅਤੇ ਕਰਨਾਟਕ ਦੇ ਜਨਰਲ ਸਕੱਤਰ ਇੰਚਾਰਜ ਰਣਦੀਪ ਸੁਰਜੇਵਾਲਾ ਨਾਲ ਲੰਬੀ ਗੱਲਬਾਤ ਕੀਤੀ ਅਤੇ ਫਿਰ ਉਨ੍ਹਾਂ ਨੂੰ ਇਸ ਫਾਰਮੂਲੇ 'ਤੇ ਮਨਾਉਣ ਲਈ ਸਿੱਧਾਰਮਈਆ ਅਤੇ ਸ਼ਿਵਕੁਮਾਰ ਨਾਲ ਵੱਖਰੇ ਤੌਰ 'ਤੇ ਗੱਲਬਾਤ ਕੀਤੀ। ਸਹੁੰ ਚੁੱਕ ਸਮਾਗਮ 20 ਮਈ ਨੂੰ ਬਾਅਦ ਦੁਪਹਿਰ 12:30 ਵਜੇ ਹੋਵੇਗਾ। ਅੱਜ ਸ਼ਾਮ ਨੂੰ ਬੰਗਲੌਰ 'ਚ ਕਾਂਗਰਸ ਵਿਧਾਇਕ ਦਲ ਦੀ ਬੈਠਕ ਬੁਲਾਈ ਗਈ ਹੈ, ਜਿਸ 'ਚ ਅਧਿਕਾਰਤ ਐਲਾਨ ਕੀਤਾ ਜਾ ਸਕਦਾ ਹੈ।

## ਨਵਜੋਤ ਸਿੱਧੂ ਦੀ ਸੁਰੱਖਿਆ 'ਚ ਕਟੌਤੀ 'ਤੇ ਹਾਈਕੋਰਟ 'ਚ ਸੁਣਵਾਈ, ਸਰਕਾਰ ਨੇ ਸੌਂਪੀ ਸੀਲਬੰਦ ਸਮੀਖਿਆ ਰਿਪੋਰਟ



ਚੰਡੀਗੜ੍ਹ : ਪੰਜਾਬ ਕਾਂਗਰਸ ਨੇਤਾ ਨਵਜੋਤ ਸਿੱਧੂ ਦੀ ਸੁਰੱਖਿਆ 'ਚ ਕਟੌਤੀ ਨੂੰ ਲੈ ਕੇ ਹਾਈਕੋਰਟ 'ਚ ਸੁਣਵਾਈ ਹੋਈ। ਜਿਸ ਵਿਚ ਪੰਜਾਬ ਸਰਕਾਰ ਨੇ ਸਿੱਧੂ ਦੀ ਸੁਰੱਖਿਆ ਦਾ ਜਾਇਜ਼ਾ ਲੈਂਦਿਆਂ ਸੀਲਬੰਦ ਰਿਪੋਰਟ ਸੌਂਪੀ। ਹਾਈਕੋਰਟ ਨੇ ਕਿਹਾ ਕਿ ਪੰਜਾਬ ਦੀ 'ਆਪ' ਸਰਕਾਰ ਦੀ ਰਿਪੋਰਟ ਦੇਖਣ ਤੋਂ ਬਾਅਦ ਸੋਮਵਾਰ ਨੂੰ ਮਾਮਲੇ ਦੀ ਸੁਣਵਾਈ ਕੀਤੀ ਜਾਵੇਗੀ। ਜਿਸ ਵਿਚ ਹਾਈਕੋਰਟ ਆਪਣਾ ਫੈਸਲਾ ਸੁਣਾਏਗਾ। 6 ਦਿਨ ਪਹਿਲਾਂ ਹੋਈ ਸੁਣਵਾਈ ਵਿਚ ਪੰਜਾਬ ਸਰਕਾਰ ਸਟੇਟਸ ਰਿਪੋਰਟ ਪੇਸ਼ ਨਹੀਂ ਕਰ ਸਕੀ। ਉਨ੍ਹਾਂ ਇਸ ਦਾ ਕਾਰਨ ਕੇਂਦਰੀ ਏਜੰਸੀਆਂ ਵਲੋਂ ਜਵਾਬ ਨਾ ਮਿਲਣਾ ਦੱਸਿਆ। ਜਿਸ ਤੋਂ ਬਾਅਦ ਹਾਈਕੋਰਟ ਨੇ ਸੂਬਾ ਸਰਕਾਰ ਨੂੰ 18 ਮਈ ਤੱਕ ਰਿਪੋਰਟ ਦਾਖ਼ਲ ਕਰਨ ਦੇ ਹੁਕਮ ਦਿਤੇ ਸਨ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਸਿੱਧੂ ਨੇ ਪਟਿਆਲਾ 'ਚ ਮਾਮਲਾ ਦਰਜ ਕਰਵਾਇਆ ਸੀ ਕਿ ਉਨ੍ਹਾਂ ਦੇ ਨੌਕਰ ਨੇ ਛੱਤ 'ਤੇ ਕਿਸੇ ਅਣਪਛਾਤੇ ਵਿਅਕਤੀ ਨੂੰ ਦੇਖਿਆ ਸੀ। ਸਿੱਧੂ ਨੇ ਕਿਹਾ ਸੀ ਕਿ ਉਨ੍ਹਾਂ ਦੀ ਜਾਨ ਦਾ ਖ਼ਤਰਾ ਹੈ।